PAIGAM-E-JAGAT

ਪੈ.ਗਾਮ-ਏ-ਜਗਤ

ਹਰ ਦੋਸਤੀ ਦੇ ਪਿੱਛੇ ਕੋਈ ਨਾ ਕੋਈ ਸਵਾਰਥ ਹੋ ਸਕਦਾ ਹੈ। ਇਹ ਇਕ ਕੜਵਾ ਸੱਚ ਹੈ।
-ਆਚਾਰੀਆ ਚਾਣਕਿਆ

Title code : CHAMUL00914 | E-mail : Info@paigamejagat.com | ਮੰਗਲਵਾਰ, 3 ਨਵੰਬਰ 2026, ਸਾਲ-4, ਅੰਕ-13, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਏਸ਼ੀਅਨ ਚੈਂਪੀਅਨਜ਼ ਟਰਾਫੀ

ਭਾਰਤ ਨੇ ਦੱਖਣੀ ਕੋਰੀਆ ਨੂੰ 8-0 ਨਾਲ ਹਰਾਇਆ; ਲੀਗ ਗੇੜ ਵਿੱਚ ਮੋਹਰੀ

- ਸੈਮੀਫਾਈਨਲ ਵਿੱਚ ਮੁੜ ਦੱਖਣੀ ਕੋਰੀਆ ਨਾਲ ਹੋਵੇਗਾ ਮੁਕਾਬਲਾ

ਜਲੰਧਰ, 2 ਨਵੰਬਰ (ਪੈ.ਗਾਮ-ਏ-ਜਗਤ)

ਭਾਰਤੀ ਹਾਕੀ ਟੀਮ ਨੇ ਅੱਜ ਇੱਥੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਦੱਖਣੀ ਕੋਰੀਆ ਨੂੰ 8-0 ਨਾਲ ਕਰਾਰੀ ਮਾਤ ਦਿੱਤੀ। ਇਸ ਜਿੱਤ ਨਾਲ ਭਾਰਤ ਨੇ ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫੀ ਦੇ ਲੀਗ ਗੇੜ ਵਿੱਚ ਸਿਖਰਲਾ ਸਥਾਨ ਹਾਸਲ ਕੀਤਾ। ਦਿਲਪ੍ਰੀਤ ਸਿੰਘ ਨੇ ਦੋ ਗੋਲ ਕੀਤੇ, ਜਦਕਿ ਕਪਤਾਨ ਹਰਮਨਪ੍ਰੀਤ ਸਿੰਘ, ਜੁਗਰਾਜ ਸਿੰਘ, ਸੁਖਜੀਤ ਸਿੰਘ, ਸ਼ਿਲਾਨੰਦ ਲਾਕੜਾ, ਸੰਜੇ ਅਤੇ ਅੰਗਦ ਬੀਰ ਸਿੰਘ ਨੇ ਇੱਕ-ਇੱਕ ਗੋਲ ਕੀਤਾ। ਮੈਚ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ (ਬਾਕੀ ਸਫ਼ਾ 2 'ਤੇ)



ਜਲੰਧਰ ਨੇ ਏਸ਼ੀਅਨ ਹਾਕੀ ਮੁਕਾਬਲਿਆਂ ਨੂੰ ਯਾਦਗਾਰੀ ਵਿਦਾਇਗੀ ਦਿੱਤੀ

ਜਲੰਧਰ ਦੇ ਬਲਟਨ ਪਾਰਕ ਸਥਿਤ ਓਲੰਪੀਅਨ ਸੁਰਜੀਤ ਸਿੰਘ ਹਾਕੀ ਸਟੇਡੀਅਮ ਵਿੱਚ ਏਸ਼ੀਅਨ ਚੈਂਪੀਅਨਜ਼ ਟਰਾਫੀ ਦੇ ਆਖਰੀ ਦਿਨ ਦਰਸ਼ਕਾਂ ਦੀ ਭਾਰੀ ਭੀੜ ਜੁੜੀ। ਸਥਾਨਕ ਵਸਨੀਕਾਂ ਅਤੇ ਹਾਕੀ ਪ੍ਰੇਮੀਆਂ ਨੇ ਟੂਰਨਾਮੈਂਟ ਦੇ ਮੁਕਾਬਲਿਆਂ ਨੂੰ ਯਾਦਗਾਰੀ ਵਿਦਾਇਗੀ ਦਿੱਤੀ। ਦਰਸ਼ਕਾਂ ਨੇ ਖੇਡ ਸਮਾਗਮ ਲਈ (ਬਾਕੀ ਸਫ਼ਾ 2 'ਤੇ)

ਸੁਪਰੀਮ ਕੋਰਟ ਵੱਲੋਂ ਦਿੱਲੀ 'ਚ ਦੋ ਦਿਨਾਂ ਲਈ ਗ੍ਰੀਨ ਪਟਾਕੇ ਚਲਾਉਣ ਦੀ ਛੋਟ

ਸਮਾਂ ਵੀ ਕੀਤਾ ਤੈਅ; 9 ਨਵੰਬਰ ਤੋਂ ਫ਼ਿਰ ਲੱਗੇਗੀ ਬੰਦਿਸ਼

ਨਵੀਂ ਦਿੱਲੀ, 2 ਨਵੰਬਰ (ਪੈ.ਗਾਮ-ਏ-ਜਗਤ)

ਦੀਵਾਲੀ ਤੋਂ ਕੁਝ ਦਿਨ ਪਹਿਲਾਂ ਸੁਪਰੀਮ ਕੋਰਟ ਨੇ ਦਿੱਲੀ-ਰਾਸ਼ਟਰੀ ਰਾਜਧਾਨੀ ਖੇਤਰ (ਐੱਨ.ਸੀ.ਆਰ.) ਵਿੱਚ 7 ਅਤੇ 8 ਨਵੰਬਰ ਨੂੰ ਸਵੇਰੇ 6 ਤੋਂ 7 ਵਜੇ ਤੱਕ ਅਤੇ ਰਾਤ 8 ਤੋਂ 10 ਵਜੇ ਤੱਕ ਗ੍ਰੀਨ ਪਟਾਕੇ ਚਲਾਉਣ ਦੀ ਇਜਾਜ਼ਤ ਦੇ ਦਿੱਤੀ ਹੈ। ਇਸ ਸਾਲ ਦੀਵਾਲੀ 8 ਨਵੰਬਰ ਨੂੰ ਹੈ।

ਜਸਟਿਸ ਐੱਮ. ਐੱਮ. ਸੁੰਦਰੇਸ਼ ਅਤੇ ਜਸਟਿਸ ਪ੍ਰਸੰਨਾ ਬੀ. ਵਰਾਲੇ ਦੇ ਬੈਂਚ ਨੇ ਨਿਰਦੇਸ਼ ਦਿੱਤਾ ਕਿ ਹਸਪਤਾਲਾਂ, ਨਰਸਿੰਗ ਹੋਮਾਂ, ਪ੍ਰਾਇਮਰੀ ਅਤੇ ਜ਼ਿਲ੍ਹਾ ਸਿਹਤ ਕੇਂਦਰਾਂ, ਬਿਰਧ ਆਸ਼ਰਮਾਂ ਅਤੇ ਕਿਸੇ ਵੀ ਨੋਟੀਫਾਈਡ ਸ਼ਾਂਤ ਖੇਤਰ (ਸਾਈਲੈਂਸ ਜ਼ੋਨ) ਦੇ 300 ਮੀਟਰ ਦੇ ਘੇਰੇ ਵਿੱਚ ਕੋਈ ਵੀ ਪਟਾਕੇ ਨਹੀਂ ਚਲਾਏ ਜਾਣਗੇ।

ਬੈਂਚ ਨੇ ਆਪਣੇ 29 ਅਕਤੂਬਰ ਦੇ ਹੁਕਮ, ਜੋ ਸੋਮਵਾਰ ਨੂੰ ਜਾਰੀ ਕੀਤੇ ਗਏ, ਵਿੱਚ ਕਿਹਾ, ਇਹ ਕਹਿਣ ਦੀ ਲੋੜ ਨਹੀਂ ਹੈ ਕਿ ਪਹਿਲਾਂ ਵਾਂਗ ਪਟਾਕਿਆਂ 'ਤੇ ਲਗਾਈ ਗਈ ਮੁਕੰਮਲ



ਬੰਦਿਸ਼ 9 ਨਵੰਬਰ 2026 ਤੋਂ ਮੁੜ ਲਾਗੂ ਹੋ ਜਾਵੇਗੀ। ਬੈਂਚ ਨੇ ਕਿਹਾ, ਸੀ.ਐੱਸ.ਆਈ.ਆਰ.-ਨੀਰੀ ਦੇ ਨਾਲ-ਨਾਲ ਪੈਸੋ ਵੱਲੋਂ ਪ੍ਰਮਾਣਿਤ ਗ੍ਰੀਨ ਪਟਾਕਿਆਂ ਦਾ ਵੈਧ ਸਰਟੀਫਿਕੇਟ ਰੱਖਣ ਵਾਲੇ ਪਟਾਕੇ ਅਤੇ ਆਤਿਸ਼ਬਾਜ਼ੀ ਨਿਰਮਾਤਾਵਾਂ ਨੂੰ 2 ਨਵੰਬਰ 2026 ਤੋਂ 6 ਨਵੰਬਰ 2026 ਤੱਕ ਸਿਰਫ਼ ਉਹੀ ਗ੍ਰੀਨ ਪਟਾਕੇ ਬਣਾਉਣ ਦੀ ਇਜਾਜ਼ਤ ਹੈ, ਜੋ ਸੀ.ਐੱਸ.ਆਈ.ਆਰ.-ਨੀਰੀ ਦੀ ਵੈੱਬਸਾਈਟ 'ਤੇ ਅੱਪਲੋਡ ਕੀਤੇ ਗਏ ਹਨ। ਅਦਾਲਤ ਨੇ ਨਿਰਦੇਸ਼ ਦਿੱਤਾ ਕਿ ਲੜੀਆਂ (ਲੜੀਵਾਰ ਜੋੜੇ ਗਏ ਪਟਾਕੇ) ਅਤੇ ਗੁਲਦਸਤਿਆਂ ਦੇ ਰੂਪ ਵਾਲੇ ਪਟਾਕਿਆਂ ਦੇ ਨਿਰਮਾਣ ਜਾਂ ਵੇਚਣ 'ਤੇ ਪਾਬੰਦੀ ਰਹੇਗੀ। (ਬਾਕੀ ਸਫ਼ਾ 2 'ਤੇ)

ਭਾਰਤ ਨਵਿਆਉਣਯੋਗ ਊਰਜਾ ਸੰਮੇਲਨ 2026

ਚੁਣੌਤੀਆਂ ਦੇ ਬਾਵਜੂਦ ਭਾਰਤ ਦਾ ਵਿਕਾਸ ਮਜ਼ਬੂਤ ਬਣਿਆ ਹੋਇਆ ਹੈ: ਪੀ.ਐਮ. ਮੋਦੀ

ਨਵੀਂ ਦਿੱਲੀ, 2 ਨਵੰਬਰ (ਪੈ.ਗਾਮ-ਏ-ਜਗਤ)

ਭਾਵੇਂ ਇਹ ਕੋਵਿਡ-19 ਸੀ ਜਾਂ ਪੱਛਮੀ ਏਸ਼ੀਆ ਵਿੱਚ ਸੰਕਟ, 1.4 ਅਰਬ ਭਾਰਤੀਆਂ ਨੇ ਦੇਸ਼ ਨੂੰ ਇਨ੍ਹਾਂ ਸੰਕਟਾਂ ਵਿੱਚੋਂ ਸੁਰੱਖਿਅਤ ਬਾਹਰ ਕੱਢਿਆ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ 'ਇੰਡੀਆ ਜੀਨਿਊਇਬਲ ਐਨਰਜੀ ਸਮਿਟ ਐਂਡ ਐਕਸਪੋ 2026' (ਭਾਰਤ ਨਵਿਆਉਣਯੋਗ ਊਰਜਾ ਸੰਮੇਲਨ ਅਤੇ ਪ੍ਰਦਰਸ਼ਨੀ 2026) ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਇਸ ਸਾਲ ਵਿਸ਼ਵ ਪੱਧਰ 'ਤੇ ਚਰਚਾ ਦਾ ਮੁੱਖ ਕੇਂਦਰ 'ਊਰਜਾ ਝਟਕੇ' ਹਨ। ਪ੍ਰਧਾਨ ਮੰਤਰੀ ਨੇ ਟਿੱਪਣੀ ਕੀਤੀ ਕਿ ਪਿਛਲੇ ਕੁਝ ਸਾਲਾਂ ਦੌਰਾਨ ਵਿਸ਼ਵ ਅਰਥਵਿਵਸਥਾ ਨੂੰ ਬੇਮਿਸਾਲ ਸੰਕਟਾਂ ਦਾ ਸਾਹਮਣਾ ਕਰਨਾ ਪਿਆ ਹੈ।

ਉਨ੍ਹਾਂ ਕਿਹਾ ਕਿ ਦੁਨੀਆ ਨੂੰ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ



ਪਿਆ ਹੈ—ਕੋਵਿਡ-19 ਮਹਾਂਮਾਰੀ ਤੋਂ ਲੈ ਕੇ ਪੱਛਮੀ ਏਸ਼ੀਆ ਦੇ ਸੰਕਟ ਤੱਕ। ਮੈਨੂੰ ਮਾਣ ਹੈ ਕਿ 1.4 ਅਰਬ ਭਾਰਤੀਆਂ ਨੇ ਦੇਸ਼ ਨੂੰ ਇਨ੍ਹਾਂ ਮੁਸ਼ਕਲ ਸਮਿਆਂ ਵਿੱਚੋਂ ਨਿਕਲਣ ਵਿੱਚ ਮਦਦ ਕੀਤੀ ਹੈ। ਅਨੇਕਾਂ ਚੁਣੌਤੀਆਂ ਦੇ ਬਾਵਜੂਦ, ਭਾਰਤ ਨੇ ਵਿਕਾਸ ਦੀ ਮਜ਼ਬੂਤ ਰਫ਼ਤਾਰ ਬਣਾਈ ਰੱਖੀ ਹੈ। ਜੇਕਰ ਅਸੀਂ ਪਿਛਲੇ ਇੱਕ ਦਹਾਕੇ ਵਿੱਚ ਸਾਫ਼ ਊਰਜਾ ਵਿੱਚ ਨਿਵੇਸ਼ ਨਾ ਕੀਤਾ ਹੁੰਦਾ ਅਤੇ ਨਵੀਂ ਪ੍ਰਣਾਲੀਆਂ ਵਿਕਸਿਤ ਨਾ ਕੀਤੀਆਂ ਹੁੰਦੀਆਂ, ਤਾਂ ਸਾਡੀ ਅਰਥਵਿਵਸਥਾ 'ਤੇ ਇਨ੍ਹਾਂ ਸੰਕਟਾਂ ਦਾ ਅਸਰ ਕਿਤੇ ਜ਼ਿਆਦਾ ਗੰਭੀਰ ਹੋਣਾ ਸੀ।

2021 ਦੇ ਸੰਮੇਲਨ ਵਿੱਚ, ਭਾਰਤ ਨੇ 2030 ਤੱਕ 500 ਗੀਗਾਵਾਟ ਦੀ ਗੈਰ-ਜੀਵਾਸ਼ਮ ਈਂਧਨ ਊਰਜਾ ਸਮਰੱਥਾ ਹਾਸਲ ਕਰਨ ਦਾ ਵਾਅਦਾ ਕੀਤਾ ਸੀ। ਪੈਰਿਸ ਸਮਝੌਤੇ ਦੇ ਤਹਿਤ, ਭਾਰਤ ਨੇ ਆਪਣੀ ਕੁੱਲ ਬਿਜਲੀ ਉਤਪਾਦਨ ਸਮਰੱਥਾ ਦਾ 50% ਹਿੱਸਾ ਗੈਰ-ਜੀਵਾਸ਼ਮ ਈਂਧਨ ਸਰੋਤਾਂ ਤੋਂ ਪ੍ਰਾਪਤ ਕਰਨ ਲਈ ਵੀ ਵਚਨਬੱਧਤਾ ਪ੍ਰਗਟਾਈ ਸੀ—ਇੱਕ ਅਜਿਹਾ ਟੀਚਾ ਜੋ ਅਸੀਂ ਨਿਰਧਾਰਤ ਸਮੇਂ ਤੋਂ ਪੰਜ ਸਾਲ ਪਹਿਲਾਂ, 2025 ਵਿੱਚ ਹੀ ਹਾਸਲ ਕਰ ਲਿਆ ਹੈ। ਮੈਂ ਚਾਹੁੰਦਾ ਹਾਂ ਕਿ (ਬਾਕੀ ਸਫ਼ਾ 2 'ਤੇ)

ਸੋਨੇ ਦੀ ਕੀਮਤ 2,530 ਰੁਪਏ ਡਿੱਗ ਕੇ 1.38 ਲੱਖ ਰੁਪਏ 'ਤੇ ਪੁੱਜੀ

- ਚਾਂਦੀ ਵੀ 1,372 ਰੁਪਏ ਸਸਤੀ ਹੋ ਕੇ 1.80 ਲੱਖ ਰੁਪਏ ਪ੍ਰਤੀ ਕਿਲੋ ਹੋਈ

ਚੰਡੀਗੜ੍ਹ, 2 ਨਵੰਬਰ (ਪੈ.ਗਾਮ-ਏ-ਜਗਤ)

ਦੀਵਾਲੀ ਤੋਂ ਪਹਿਲਾਂ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਗਿਰਾਵਟ ਜਾਰੀ ਹੈ। ਇੰਡੀਆ ਬੁਲੀਅਨ ਐਂਡ ਜਿਊਲਰਜ਼ ਐਸੋਸੀਏਸ਼ਨ (ਆਈਬੀਜੇਏ) ਅਨੁਸਾਰ 24 ਕੈਰੇਟ ਸੋਨੇ ਦੀ ਕੀਮਤ 10 ਗ੍ਰਾਮ ਪਿੱਛੇ 2,530 ਰੁਪਏ ਘਟ ਕੇ 1.38 ਲੱਖ ਰੁਪਏ ਰਹਿ ਗਈ ਹੈ। ਇਸੇ ਤਰ੍ਹਾਂ ਚਾਂਦੀ ਦੀ ਕੀਮਤ ਵੀ ਪ੍ਰਤੀ ਕਿਲੋ 1,372 ਰੁਪਏ ਘਟ ਕੇ 1.80 ਲੱਖ ਰੁਪਏ ਰਹਿ ਗਈ ਹੈ। ਸ਼ੁੱਕਰਵਾਰ ਨੂੰ ਸੋਨਾ 1.40 ਲੱਖ ਰੁਪਏ ਪ੍ਰਤੀ 10 ਗ੍ਰਾਮ ਅਤੇ ਚਾਂਦੀ 1.81 ਲੱਖ ਰੁਪਏ ਪ੍ਰਤੀ ਕਿਲੋ ਵਿਕ ਰਹੀ ਸੀ।

ਅਕਤੂਬਰ ਮਹੀਨੇ ਦੌਰਾਨ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਵੱਡੀ ਗਿਰਾਵਟ ਦਰਜ ਕੀਤੀ ਗਈ ਹੈ। ਇਸ ਮਹੀਨੇ ਸੋਨਾ 10 ਗ੍ਰਾਮ ਪਿੱਛੇ 8,084 ਰੁਪਏ ਅਤੇ ਚਾਂਦੀ ਪ੍ਰਤੀ ਕਿਲੋ 39,485 ਰੁਪਏ ਸਸਤੀ ਹੋਈ ਹੈ। ਇਕ ਅਕਤੂਬਰ 2026 ਨੂੰ 10 ਗ੍ਰਾਮ ਸੋਨੇ ਦੀ ਕੀਮਤ 1.48 ਲੱਖ ਰੁਪਏ ਅਤੇ ਇਕ ਕਿਲੋ ਚਾਂਦੀ ਦੀ ਕੀਮਤ 2.20 ਲੱਖ ਰੁਪਏ ਸੀ। ਇਸ



ਤਰ੍ਹਾਂ ਇਕ ਮਹੀਨੇ ਦੌਰਾਨ ਚਾਂਦੀ ਦੀ ਕੀਮਤ ਵਿੱਚ ਕਰੀਬ 40 ਹਜ਼ਾਰ ਰੁਪਏ ਦੀ ਕਮੀ ਆਈ ਹੈ।

ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਆ ਰਹੀ ਗਿਰਾਵਟ ਪਿੱਛੇ ਸਿਰਫ਼ ਇਕ ਕਾਰਨ ਨਹੀਂ ਸਗੋਂ ਕੌਮਾਂਤਰੀ ਆਰਥਿਕ ਹਾਲਾਤ ਤੇ ਬਦਲਾਅ ਵੀ ਜ਼ਿੰਮੇਵਾਰ ਹਨ। ਅਮਰੀਕਾ ਵਿੱਚ ਮਹਿੰਗਾਈ ਵਧਣ, ਉੱਥੋਂ ਦੇ ਕੇਂਦਰੀ ਬੈਂਕ ਵੱਲੋਂ ਵਿਆਜ ਦਰਾਂ ਬਾਰੇ ਸਖ਼ਤ ਰੁਖ਼ ਅਪਣਾਉਣ, ਡਾਲਰ ਮਜ਼ਬੂਤ ਹੋਣ ਅਤੇ ਨਿਵੇਸ਼ਕਾਂ ਵੱਲੋਂ ਪਹਿਲਾਂ ਕੀਤੀ ਕਮਾਈ ਕੱਢਣ ਕਾਰਨ ਸੋਨੇ-ਚਾਂਦੀ (ਬਾਕੀ ਸਫ਼ਾ 2 'ਤੇ)

ਈ.ਡੀ. ਦੀ ਚੰਡੀਗੜ੍ਹ ਤੇ ਮੋਹਾਲੀ 'ਚ ਛਾਪੇਮਾਰੀ

ਸ਼ਿਮਲਾ/ਚੰਡੀਗੜ੍ਹ/ਮੋਹਾਲੀ/ਜ਼ੀਰਕਪੁਰ, 2 ਨਵੰਬਰ (ਪੈ.ਗਾਮ-ਏ-ਜਗਤ)

ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਦੇ ਹਜ਼ਾਰਾਂ ਨਿਵੇਸ਼ਕਾਂ ਨੂੰ ਕ੍ਰਿਪਟੋਕਰੰਸੀ ਵਿਚ ਕਮਾਈ ਦਾ ਲਾਲਚ ਦੇ ਕੇ 2,000 ਕਰੋੜ ਰੁਪਏ ਤੋਂ ਵੱਧ ਦੀ ਠੱਗੀ ਕਰਨ ਦੇ ਮਾਮਲੇ ਵਿਚ ਈਡੀ ਨੇ ਚੰਡੀਗੜ੍ਹ, ਮੋਹਾਲੀ ਅਤੇ ਜ਼ੀਰਕਪੁਰ ਵਿਚ ਛਾਪੇਮਾਰੀ ਕੀਤੀ। ਇਸ ਕਾਰਵਾਈ ਦੌਰਾਨ 72 ਲੱਖ ਰੁਪਏ ਨਕਦ, ਜਾਇਦਾਦਾਂ ਦੇ ਦਸਤਾਵੇਜ਼, ਡਿਜੀਟਲ ਉਪਕਰਣ ਅਤੇ ਬੈਂਕ ਖਾਤਿਆਂ ਦੇ ਰਿਕਾਰਡ ਜ਼ਬਤ ਕੀਤੇ ਗਏ। ਮੁੱਖ ਮੁਲਜ਼ਮ ਸੁਭਾਸ਼ ਸ਼ਰਮਾ ਦੇ ਕਰੀਬੀ ਅਤੁਲ ਸੂਦ ਨੂੰ ਗ੍ਰਿਫ਼ਤਾਰ ਕਰਕੇ ਸ਼ਿਮਲਾ ਦੀ ਵਿਸ਼ੇਸ਼ ਪੀਐਮਐਲਏ ਅਦਾਲਤ ਵਿਚ ਪੇਸ਼ ਕੀਤਾ ਗਿਆ। ਅਦਾਲਤ ਨੇ ਉਸ ਨੂੰ 5 ਨਵੰਬਰ ਤੱਕ ਈਡੀ ਦੀ ਹਿਰਾਸਤ ਵਿਚ ਭੇਜ ਦਿੱਤਾ।



ਈਡੀ ਮੁਤਾਬਕ ਸੂਦ ਦੁਬਈ ਜਾ ਕੇ ਸੁਭਾਸ਼ ਸ਼ਰਮਾ ਨੂੰ ਮਿਲਿਆ ਸੀ ਅਤੇ ਉਸ ਲਈ ਸੰਮੇਲਨ ਤੇ ਹੋਰ ਸਮਾਗਮ ਕਰਵਾਉਣ ਵਿਚ ਸ਼ਾਮਲ ਸੀ। ਐੱਫਆਈਆਰ ਦਰਜ ਹੋਣ ਤੋਂ ਬਾਅਦ ਵੀ ਇਹ ਸਰਗਰਮੀਆਂ ਜਾਰੀ ਰਹੀਆਂ। ਇਹ ਕਾਰਵਾਈ ਧਨ-ਸ਼ੋਧਨ ਰੋਕਥਾਮ ਕਾਨੂੰਨ, 2002 ਦੀ ਧਾਰਾ 17(1) ਤਹਿਤ ਕੀਤੀ ਗਈ। ਈਡੀ ਅਨੁਸਾਰ ਪੋਂਜ਼ੀ ਮਾਡਲ 'ਤੇ ਚੱਲ ਰਹੀ ਇਸ ਯੋਜਨਾ ਵਿਚ ਨਵੇਂ ਨਿਵੇਸ਼ਕਾਂ ਤੋਂ ਮਿਲੀ ਰਕਮ ਨਾਲ ਪੁਰਾਣੇ ਨਿਵੇਸ਼ਕਾਂ ਨੂੰ ਭੁਗਤਾਨ ਕੀਤਾ ਜਾਂਦਾ ਸੀ। ਡਿਜੀਟਲ ਰਿਕਾਰਡਾਂ ਮੁਤਾਬਕ, (ਬਾਕੀ ਸਫ਼ਾ 2 'ਤੇ)

ਪਟਿਆਲਾ ਦੇ 316 ਪਿੰਡਾਂ ਨੂੰ ਸਾਫ਼ ਪੀਣ ਵਾਲੇ ਪਾਣੀ ਦਾ ਤੋਹਫ਼ਾ

ਸੀ.ਐਮ. ਮਾਨ ਨੇ ਮੰਡੋਲੀ 'ਚ 432.65 ਕਰੋੜ ਦੀ ਲਾਗਤ ਨਾਲ ਬਣੇ ਵਾਟਰ ਟਰੀਟਮੈਂਟ ਪਲਾਂਟ ਦਾ ਕੀਤਾ ਉਦਘਾਟਨ

ਘਨੌਰ, 2 ਨਵੰਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਨੂੰ ਪਟਿਆਲਾ ਜ਼ਿਲ੍ਹੇ ਦੇ ਘਨੌਰ ਹਲਕੇ ਦੇ ਪਿੰਡ ਮੰਡੌਲੀ ਵਿਖੇ 432.65 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਦੋ ਅਤਿ-ਆਧੁਨਿਕ ਵਾਟਰ ਟ੍ਰੀਟਮੈਂਟ ਪਲਾਂਟ ਲੋਕਾਂ ਨੂੰ ਸਮਰਪਿਤ ਕੀਤੇ। ਇਨ੍ਹਾਂ ਪਲਾਂਟਾਂ ਦੇ ਚਾਲੂ ਹੋਣ ਨਾਲ ਪਟਿਆਲਾ ਅਤੇ ਫਤਹਿਗੜ੍ਹ ਸਾਹਿਬ ਜ਼ਿਲ੍ਹਿਆਂ ਦੇ 316 ਪਿੰਡਾਂ ਦੇ ਵਸਨੀਕਾਂ ਨੂੰ ਸਾਫ਼ ਨਹਿਰੀ ਪਾਣੀ ਮੁਹੱਈਆ ਕਰਵਾਇਆ ਜਾਵੇਗਾ। ਇਸ ਪ੍ਰਾਜੈਕਟ ਨਾਲ ਕਰੀਬ 4.50 ਲੱਖ ਲੋਕਾਂ ਅਤੇ 75 ਹਜ਼ਾਰ ਘਰਾਂ ਨੂੰ ਲਾਭ ਮਿਲੇਗਾ।

ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਦਹਾਕਿਆਂ ਤੋਂ ਇਨ੍ਹਾਂ ਪਿੰਡਾਂ ਦੇ ਲੋਕ ਦੂਸ਼ਿਤ ਧਰਤੀ ਹੇਠਲੇ ਪਾਣੀ ਦੀ ਸਮੱਸਿਆ ਨਾਲ ਜੂਝ ਰਹੇ ਸਨ। ਧਰਤੀ ਹੇਠਲੇ ਪਾਣੀ ਵਿੱਚ ਫਲੋਰਾਈਡ ਅਤੇ ਭਾਰੀ ਧਾਤਾਂ ਦੀ ਮਾਤਰਾ ਵੱਧ ਹੋਣ ਕਾਰਨ ਨਹਿਰੀ ਪਾਣੀ ਦੀ ਸਪਲਾਈ ਦਾ ਫ਼ੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਆਜ਼ਾਦੀ ਦੇ 80 ਸਾਲ ਬਾਅਦ ਵੀ ਲੋਕਾਂ ਨੂੰ ਪੀਣ ਵਾਲੇ ਸਾਫ਼ ਪਾਣੀ ਵਰਗੀ ਬੁਨਿਆਦੀ ਸਹੂਲਤ ਮੁਹੱਈਆ ਕਰਵਾਉਣੀ ਪੈ ਰਹੀ ਹੈ, ਜਦਕਿ ਇਹ ਕੰਮ ਪਹਿਲਾਂ ਹੀ ਹੋ ਜਾਣਾ ਚਾਹੀਦਾ ਸੀ।



ਮੁੱਖ ਮੰਤਰੀ ਨੇ ਦੱਸਿਆ ਕਿ ਮੰਡੌਲੀ ਅਤੇ ਪਾਬੜੀ ਵਿਖੇ ਬਣਾਏ ਗਏ ਪਲਾਂਟਾਂ ਦੀ ਸਮਰੱਥਾ ਬਾਰੇ ਪ੍ਰਾਜੈਕਟ ਤਹਿਤ ਰੋਜ਼ਾਨਾ ਲੱਖਾਂ ਲੀਟਰ ਨਹਿਰੀ ਪਾਣੀ ਨੂੰ ਸੋਧ ਕੇ ਸਪਲਾਈ ਕੀਤਾ ਜਾਵੇਗਾ। ਮੰਡੌਲੀ ਪਲਾਂਟ 'ਤੇ 266.20 ਕਰੋੜ ਅਤੇ ਪਾਬੜੀ ਪਲਾਂਟ 'ਤੇ 166.46 ਕਰੋੜ ਰੁਪਏ ਖਰਚ ਕੀਤੇ ਗਏ ਹਨ। ਪਾਣੀ ਦੀ ਸਪਲਾਈ ਲਈ 752 ਕਿਲੋਮੀਟਰ ਲੰਬੀ ਟਰਾਂਸਮਿਸ਼ਨ ਪਾਈਪਲਾਈਨ ਵਿਛਾਈ ਗਈ ਹੈ, ਜਦਕਿ ਪਿੰਡਾਂ ਵਿੱਚ 1216 ਕਿਲੋਮੀਟਰ ਪਾਈਪਲਾਈਨ (ਬਾਕੀ ਸਫ਼ਾ 2 'ਤੇ)

ਟਰੰਪ ਦੇ ਘਰ ਤੋਂ 11 ਕਿ.ਮੀ. ਦੂਰ ਜਹਾਜ਼ ਕ੍ਰੈਸ਼

- 9 ਲੋਕਾਂ ਦੀ ਮੌਤ, ਹਾਦਸੇ ਤੋਂ 1 ਘੰਟਾ ਪਹਿਲਾਂ ਹੀ ਉੱਥੋਂ ਰਵਾਨਾ ਹੋਏ ਸਨ ਅਮਰੀਕੀ ਰਾਸ਼ਟਰਪਤੀ

ਵਾਸ਼ਿੰਗਟਨ, 2 ਨਵੰਬਰ (ਪੈ.ਗਾਮ-ਏ-ਜਗਤ)

"ਮੈਂ ਡੋ, ਮੈਂ ਡੋ ਅਸੀਂ ਓਵਰਸਪੀਡ ਦੀ ਸਥਿਤੀ ਵਿੱਚ ਹਾਂ। 20,000 ਫੁੱਟ ਪ੍ਰਤੀ ਮਿੰਟ ਦੀ ਰਫ਼ਤਾਰ ਨਾਲ ਹੇਠਾਂ ਜਾ ਰਹੇ ਹਾਂ ਅਸੀਂ ਜ਼ਮੀਨ ਨਾਲ ਟਕਰਾਉਣ ਵਾਲੇ ਹਾਂ। ਹੇ ਰੱਬਾ, ਹੁਣ ਸਾਡੇ ਕੋਲ ਸਮਾਂ ਨਹੀਂ ਬਚਿਆ। ਇਹ ਉਸ ਅਮਰੀਕੀ ਪਾਇਲਟ ਦੇ ਆਖ਼ਰੀ ਸ਼ਬਦ ਸਨ, ਜੋ ਹੁਣ ਇਸ ਦੁਨੀਆ ਵਿੱਚ ਨਹੀਂ ਰਿਹਾ। ਅਮਰੀਕਾ ਵਿੱਚ ਐਤਵਾਰ ਨੂੰ ਇੱਕ ਵੱਡਾ ਜਹਾਜ਼ ਹਾਦਸਾ ਵਾਪਰਿਆ। ਦੱਖਣੀ ਫਲੋਰੀਡਾ ਦੇ ਇੱਕ ਰਿਹਾਇਸ਼ੀ ਇਲਾਕੇ ਵਿੱਚ ਨਿੱਜੀ ਜੈੱਟ ਜਹਾਜ਼ ਕ੍ਰੈਸ਼ ਹੋ ਗਿਆ। ਇਸ ਹਾਦਸੇ ਵਿੱਚ ਜਹਾਜ਼ 'ਚ ਸਵਾਰ ਸਾਰੇ 9 ਲੋਕਾਂ ਦੀ ਮੌਤ ਹੋ ਗਈ।

ਹਾਦਸੇ ਵਾਲੀ ਥਾਂ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਰਿਜ਼ੋਰਟ 'ਮਾਰ-ਏ-ਲਾਗੋ' ਤੋਂ ਸਿਰਫ਼ ਕੁਝ ਮੀਲ ਦੀ ਦੂਰੀ 'ਤੇ ਸਥਿਤ ਹੈ।

ਸੋਸ਼ਲ ਮੀਡੀਆ 'ਤੇ ਸਾਹਮਣੇ ਆਈਆਂ ਵੀਡੀਓ

1 ਨਵੰਬਰ ਨੂੰ ਦਿੱਲੀ ਵਿੱਚ ਮੁੜ ਰੈਲੀ ਕਰਕੇ 42 ਸਾਲ ਬਾਦ ਰਾਹੁਲ ਗਾਂਧੀ ਨੇ 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਦੇ ਜ਼ਖ਼ਮਾਂ 'ਤੇ ਮੁੜ ਨਮਕ ਛਿੜਕਿਆ: ਸੁਖਵਿੰਦਰ ਸਿੰਘ ਗੋਲਡੀ

ਪੈ.ਗਾਮ-ਏ-ਜਗਤ
ਦਵਿੰਦਰ ਕੌਰ (ਖਰੜ)

ਭਾਜਪਾ ਪੰਜਾਬ ਦੇ ਸਹਿ ਕੈਸ਼ੀਅਰ ਸੁਖਵਿੰਦਰ ਸਿੰਘ ਗੋਲਡੀ ਨੇ ਕਾਂਗਰਸ ਪਾਰਟੀ ਅਤੇ ਰਾਹੁਲ ਗਾਂਧੀ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ 1 ਨਵੰਬਰ ਨੂੰ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਰੈਲੀ ਕਰਕੇ ਰਾਹੁਲ ਗਾਂਧੀ ਨੇ 42 ਸਾਲਾਂ ਬਾਅਦ ਮੁੜ 1984 ਦੇ ਸਿੱਖ ਕਤਲੇਆਮ ਦੇ ਪੀੜਤ ਪਰਿਵਾਰਾਂ ਦੇ ਪੁਰਾਣੇ ਜ਼ਖ਼ਮਾਂ ਨੂੰ ਮੁੜ ਤਾਜ਼ਾ ਕਰਨ ਦਾ ਕੰਮ ਕੀਤਾ ਹੈ।

ਉਨ੍ਹਾਂ ਕਿਹਾ ਕਿ 1984 ਵਿੱਚ ਸਿੱਖ ਕੌਮ ਨੇ ਜੋ ਦਰਦਨਾਕ ਸੰਤਾਪ ਹੰਢਾਇਆ, ਉਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਜੂਨ 1984 ਵਿੱਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਸਰਕਾਰ ਦੌਰਾਨ ਸ੍ਰੀ ਦਰਬਾਰ ਸਾਹਿਬ ਅਤੇ ਹੋਰ ਗੁਰਧਾਮਾਂ ਉੱਤੇ ਫੌਜੀ ਕਾਰਵਾਈ ਨੇ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ। ਇਸ ਤੋਂ ਬਾਅਦ ਨਵੰਬਰ 1984 ਵਿੱਚ ਦਿੱਲੀ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਹਜ਼ਾਰਾਂ ਬੇਗੁਨਾਹ ਸਿੱਖਾਂ ਦਾ ਕਤਲੇਆਮ ਹੋਇਆ। ਸਿੱਖ ਮਾਵਾਂ-ਭੈਣਾਂ ਨੇ ਅਸਹਿ ਤਸ਼ੱਦਦ ਅਤੇ ਬੇਇੱਜ਼ਤੀ ਦਾ ਸੰਤਾਪ ਹੰਢਾਇਆ ਅਤੇ ਅਨੇਕਾਂ ਪਰਿਵਾਰ ਉੱਜੜ ਗਏ। ਉਨ੍ਹਾਂ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦਾ 1984 ਦੇ ਕਤਲੇਆਮ ਤੋਂ ਬਾਅਦ ਦਿੱਤਾ ਗਿਆ ਵਿਵਾਦਤ ਬਿਆਨ, ਜਿਸ ਵਿੱਚ ਵੱਡਾ ਦਰੱਖਤ ਡਿੱਗਣ ਨਾਲ ਧਰਤੀ ਹਿੱਲਣ ਦੀ ਗੱਲ ਕਹੀ ਗਈ ਸੀ, ਅੱਜ ਵੀ ਸਿੱਖ ਕੌਮ ਦੇ ਮਨਾਂ ਵਿੱਚ ਦਰਦ ਪੈਦਾ ਕਰਦਾ ਹੈ। ਅਜਿਹੇ ਇਤਿਹਾਸਕ ਦਿਨ 'ਤੇ ਰੈਲੀ ਕਰਨਾ ਪੀੜਤ ਪਰਿਵਾਰਾਂ ਦੀਆਂ ਭਾਵਨਾਵਾਂ ਪ੍ਰਤੀ ਸੰਵੇਦਨਸ਼ੀਲਤਾ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।



ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਕਾਂਗਰਸ ਪਾਰਟੀ ਨੂੰ ਪਹਿਲਾਂ 1984 ਦੇ ਸਿੱਖ ਕਤਲੇਆਮ ਅਤੇ ਉਸ ਸਮੇਂ ਦੇ ਆਪਣੇ ਆਗੂਆਂ ਦੀ ਭੂਮਿਕਾ ਬਾਰੇ ਸਪਸ਼ਟ ਜਵਾਬ ਦੇਣਾ ਚਾਹੀਦਾ ਹੈ। ਦੇਸ਼ ਦੀ ਸੱਤਾ ਹਾਸਲ ਕਰਨ ਲਈ ਸਮਾਜ ਵਿੱਚ ਵੰਡੀਆਂ ਪਾਉਣ ਦੀ ਬਜਾਏ ਦੇਸ਼ ਦੀ ਏਕਤਾ, ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦੀ ਲੋੜ ਹੈ।

ਇਸ ਦੇ ਉਲਟ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਸਿੱਖ ਕੌਮ ਦੀਆਂ ਭਾਵਨਾਵਾਂ ਅਤੇ ਇਤਿਹਾਸਕ ਮੰਗਾਂ ਨੂੰ ਮਹੱਤਵ ਦਿੱਤਾ ਹੈ। 1984 ਦੇ ਸਿੱਖ ਕਤਲੇਆਮ ਨਾਲ ਸਬੰਧਤ ਬੰਦ ਪਏ ਗੰਭੀਰ ਮਾਮਲਿਆਂ ਦੀ ਮੁੜ ਜਾਂਚ ਲਈ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਗਿਆ ਅਤੇ ਪੀੜਤ ਪਰਿਵਾਰਾਂ ਲਈ ਵਾਧੂ ਮੁਆਵਜ਼ੇ ਦਾ ਪ੍ਰਬੰਧ ਕੀਤਾ ਗਿਆ, ਤਾਂ ਜੋ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਦੀ ਪ੍ਰਕਿਰਿਆ ਅੱਗੇ ਵਧ ਸਕੇ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੇ ਕਾਰਜਕਾਲ ਦੌਰਾਨ ਸਿੱਖ ਸੰਗਤ ਦੀ ਦਹਾਕਿਆਂ ਪੁਰਾਣੀ ਮੰਗ ਨੂੰ ਪੂਰਾ ਕਰਦਿਆਂ ਸ੍ਰੀ ਕਰਤਾਰਪੁਰ ਸਾਹਿਬ ਦਾ ਇਤਿਹਾਸਕ ਲਾਂਘਾ ਖੋਲ੍ਹਿਆ ਗਿਆ। 9 ਨਵੰਬਰ 2019 ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਨੇ ਇਸ ਲਾਂਘੇ ਦਾ ਉਦਘਾਟਨ ਕਰਕੇ ਪਹਿਲੇ ਜਥੇ ਨੂੰ ਰਵਾਨਾ ਕੀਤਾ। ਇਸ ਤੋਂ ਇਲਾਵਾ ਅਫਗਾਨਿਸਤਾਨ ਵਿੱਚ ਸੰਕਟ ਦੌਰਾਨ ਆਪਰੇਸ਼ਨ ਦੇਵੀ ਸ਼ਕਤੀ ਰਾਹੀਂ ਅਫਗਾਨ ਸਿੱਖਾਂ ਅਤੇ ਹਿੰਦੂਆਂ ਸਮੇਤ ਹੋਰ ਲੋਕਾਂ ਨੂੰ ਸੁਰੱਖਿਅਤ ਭਾਰਤ ਲਿਆਉਣ ਲਈ ਵੀ ਸਰਕਾਰ ਨੇ ਯਤਨ ਕੀਤੇ। ਉੱਥੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਵੀ ਸੁਰੱਖਿਅਤ ਭਾਰਤ ਲਿਆਂਦਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਸਿੱਖ ਗੁਰਧਾਮਾਂ, ਸਿੱਖ ਇਤਿਹਾਸ ਅਤੇ ਸਿੱਖ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਨਾ ਹਰ ਸਰਕਾਰ ਅਤੇ ਹਰ ਰਾਜਨੀਤਿਕ ਆਗੂ ਦੀ ਜ਼ਿੰਮੇਵਾਰੀ ਹੈ। ਸਿੱਖ ਕੌਮ ਨੇ ਦੇਸ਼ ਦੀ ਆਜ਼ਾਦੀ ਅਤੇ ਤਰੱਕੀ ਲਈ ਬੇਮਿਸਾਲ ਕੁਰਬਾਨੀਆਂ ਦਿੱਤੀਆਂ ਹਨ। ਇਸ ਲਈ ਸਿੱਖ ਕੌਮ ਦੇ ਇਤਿਹਾਸਕ ਦਰਦ ਨੂੰ ਰਾਜਨੀਤਿਕ ਲਾਭ ਲਈ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਅੰਤ ਵਿੱਚ ਸੁਖਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਉਹ ਕਾਂਗਰਸ ਪਾਰਟੀ ਦੀ ਇਸ ਰੈਲੀ ਦੇ ਸਮੇਂ ਅਤੇ ਇਸ ਨਾਲ ਜੁੜੇ ਰਾਜਨੀਤਿਕ ਰੁਖ਼ ਦੀ ਸਖ਼ਤ ਨਿੰਦਾ ਕਰਦੇ ਹਨ ਅਤੇ ਮੰਗ ਕਰਦੇ ਹਨ ਕਿ ਰਾਹੁਲ ਗਾਂਧੀ 1984 ਦੇ ਸਿੱਖ ਕਤਲੇਆਮ ਦੇ ਪੀੜਤ ਪਰਿਵਾਰਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨ ਅਤੇ ਸਿੱਖ ਕੌਮ ਦੇ ਸਾਹਮਣੇ ਆਪਣਾ ਪੱਖ ਸਪਸ਼ਟ ਕਰਨ।

ਲਾਰੈਂਸ ਬਿਸ਼ਨੋਈ ਗਰੁੱਪ ਦੇ ਨਾਂ 'ਤੇ ਕਾਰੋਬਾਰੀ ਤੋਂ 5 ਕਰੋੜ ਦੀ ਫਿਰੌਤੀ ਮੰਗਣ ਦੇ ਦੋਸ਼, ਮਹਿਲਾ ਸਮੇਤ ਦੋ ਗ੍ਰਿਫ਼ਤਾਰ

ਪੈ.ਗਾਮ-ਏ-ਜਗਤ
ਖਰੜ, 2 ਨਵੰਬਰ (ਦਵਿੰਦਰ ਕੌਰ)

ਖਰੜ ਦੇ ਸੰਨੀ ਇਨਕਲੇਵ ਵਿੱਚ ਰਹਿਣ ਵਾਲੇ ਕੋਇਲਾ ਕਾਰੋਬਾਰੀ ਤੋਂ 0 5 ਕਰੋੜ ਰੁਪਏ ਦੀ ਫਿਰੌਤੀ ਮੰਗਣ ਅਤੇ ਰਕਮ ਨਾ ਦੇਣ 'ਤੇ ਉਸ ਦੇ ਪਰਿਵਾਰ ਸਮੇਤ ਜਾਨੋਂ ਮਾਰਨ ਦੀ ਧਮਕੀ ਦੇਣ ਦੇ ਮਾਮਲੇ ਵਿੱਚ ਥਾਣਾ ਸਿਟੀ ਖਰੜ ਦੀ ਪੁਲਿਸ ਨੇ ਇੱਕ ਮਹਿਲਾ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਸੰਨੀ ਇਨਕਲੇਵ ਸੈਕਟਰ-125 ਦੇ ਵਸਨੀਕ ਸੁਖਪਾਲ ਸਿੰਘ ਖਿਪਲ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਹ ਕੋਇਲੇ ਦੇ ਇੰਪੋਰਟ-ਐਕਸਪੋਰਟ ਦਾ ਕਾਰੋਬਾਰ ਕਰਦਾ ਹੈ ਅਤੇ ਉਸ ਦਾ ਦਫ਼ਤਰ ਸੰਨੀ ਬਿਜ਼ਨਸ ਟਾਵਰ ਵਿੱਚ ਸਥਿਤ ਹੈ। ਉਸ ਨੇ ਦੋਸ਼ ਲਾਇਆ ਕਿ ਉਸ

- **ਪੈਸੇ ਨਾ ਦੇਣ 'ਤੇ ਕਾਰੋਬਾਰੀ ਤੇ ਪਰਿਵਾਰ ਨੂੰ ਜਾਨੋਂ ਮਾਰਨ ਦੀ ਦਿੱਤੀ ਸੀ ਧਮਕੀ, ਇਕ ਮੁਲਜ਼ਮ ਪੁਲਿਸ ਰਿਮਾਂਡ 'ਤੇ**



ਨੂੰ ਵਿਦੇਸ਼ੀ ਨੰਬਰ ਤੋਂ ਵਟਸਐਪ ਕਾਲ ਆਈ, ਜਿਸ ਵਿੱਚ ਕਾਲ ਕਰਨ ਵਾਲੇ ਵਿਅਕਤੀ ਨੇ ਆਪਣੇ ਆਪ ਨੂੰ ਲਾਰੈਂਸ ਬਿਸ਼ਨੋਈ ਗਰੁੱਪ ਨਾਲ ਸਬੰਧਤ ਦੱਸਿਆ। ਕਾਲ ਕਰਨ ਵਾਲੇ ਨੇ ਮੈਂਡੀ ਰੰਧਾਵਾ ਉਰਫ਼ ਮਨਦੀਪ ਕੌਰ ਨੂੰ ਆਪਣੀ ਭੈਣ ਦੱਸਦਿਆਂ 5 ਕਰੋੜ ਰੁਪਏ ਦੇਣ ਦੀ ਮੰਗ ਕੀਤੀ। ਇਸ ਦੇ ਨਾਲ ਹੀ ਰਕਮ ਨਾ ਦੇਣ ਦੀ ਸੂਰਤ ਵਿੱਚ ਉਸ ਨੂੰ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ। ਇਸ ਸਬੰਧੀ ਥਾਣਾ ਸਿਟੀ ਖਰੜ ਦੇ ਐੱਸ.ਐੱਚ.ਓ. ਇੰਸਪੈਕਟਰ ਅਮਰਿੰਦਰ ਸਿੰਘ ਨੇ ਦੱਸਿਆ ਕਿ ਸ਼ਿਕਾਇਤ ਦੀ ਜਾਂਚ ਤੋਂ ਬਾਅਦ ਪੁਲਿਸ ਨੇ ਮੈਂਡੀ ਰੰਧਾਵਾ ਉਰਫ਼ ਮਨਦੀਪ ਕੌਰ ਵਾਸੀ ਐੱਸ.ਬੀ.ਪੀ. ਹੋਮਜ਼ ਖਰੜ ਅਤੇ ਸਤਵੀਰ ਸਿੰਘ ਉਰਫ਼ ਸੱਤੂ ਵਾਸੀ ਸੁਨਾਮ, ਜ਼ਿਲ੍ਹਾ ਸੰਗਰੂਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਦੋਵਾਂ ਮੁਲਜ਼ਮਾਂ ਨੂੰ ਖਰੜ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਅਦਾਲਤ ਨੇ ਮੈਂਡੀ ਰੰਧਾਵਾ ਉਰਫ਼ ਮਨਦੀਪ ਕੌਰ ਨੂੰ ਨਿਆਂਇਕ ਹਿਰਾਸਤ ਵਿੱਚ ਭੇਜਣ ਅਤੇ ਸਤਵੀਰ ਸਿੰਘ ਉਰਫ਼ ਸੱਤੂ ਦਾ ਪੁਲਿਸ ਰਿਮਾਂਡ ਦੇਣ ਦੇ ਹੁਕਮ ਜਾਰੀ ਕੀਤੇ ਹਨ। ਪੁਲਿਸ ਵੱਲੋਂ ਮਾਮਲੇ ਦੇ ਹੋਰ ਪਹਿਲੂਆਂ ਦੀ ਜਾਂਚ ਕੀਤੀ ਜਾ ਰਹੀ ਹੈ।

ਜੀ.ਆਈ.ਐੱਮ. ਵਿਖੇ 344ਵਾਂ ਖ਼ੂਨ ਦਾਨ ਕੈਂਪ ਆਯੋਜਿਤ : 33 ਖ਼ੂਨ ਦਾਨੀਆਂ ਨੇ ਕੀਤਾ ਖ਼ੂਨਦਾਨ

ਪੈ.ਗਾਮ-ਏ-ਜਗਤ/ਚੰਡੀਗੜ੍ਹ
(ਹਰਮਿੰਦਰ ਸਿੰਘ ਨਾਗਪਾਲ)

ਟ੍ਰਾਂਸਫਿਊਜ਼ਨ ਮੈਡੀਸਨ ਵਿਭਾਗ, ਪੀ.ਜੀ.ਆਈ., ਚੰਡੀਗੜ੍ਹ ਅਤੇ ਥੈਲੇਸੀਮਿਕ ਚੈਰੀਟੇਬਲ ਟਰੱਸਟ ਵੱਲੋਂ 31 ਅਕਤੂਬਰ 2026 ਨੂੰ ਪੀ. ਜੀ. ਆਈ. ਐੱਮ.ਈ.ਆਰ. ਦੇ ਬਲੱਡ ਡੋਨੇਸ਼ਨ ਕੰਪਲੈਕਸ (ਕਮਰਾ ਨੰ. 107) ਵਿਖੇ 344ਵੇਂ ਖ਼ੂਨ ਦਾਨ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਹ ਕੈਂਪ ਥੈਲੇਸੀਮੀਆ ਦੇ ਮਰੀਜ਼ਾਂ ਅਤੇ ਖ਼ੂਨ ਦੀ ਲੋੜ ਵਾਲੇ ਹੋਰ ਗੰਭੀਰ



ਮਰੀਜ਼ਾਂ ਨੂੰ ਸਮਰਪਿਤ ਸੀ।

ਕੈਂਪ ਦੌਰਾਨ ਥੈਲੇਸੀਮਿਕ ਚੈਰੀਟੇਬਲ ਟਰੱਸਟ ਵੱਲੋਂ ਖ਼ੂਨ ਦਾਨੀਆਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਅਤੇ ਥੈਲੇਸੀਮੀਆ ਬਾਰੇ ਜਾਗਰੂਕਤਾ ਫੈਲਾਉਣ ਲਈ ਇੱਕ ਵਿਸ਼ੇਸ਼ ਡੈਸਕ ਵੀ ਲਗਾਇਆ ਗਿਆ। ਇਸ ਕੈਂਪ ਵਿੱਚ 33 ਖ਼ੂਨ ਦਾਨੀਆਂ ਨੇ ਉਤਸ਼ਾਹ ਨਾਲ ਖ਼ੂਨ ਦਾਨ ਕੀਤਾ। ਪ੍ਰੋ. (ਡਾ.) ਆਰ.ਆਰ. ਸ਼ਰਮਾ (ਮੁਖੀ, ਟ੍ਰਾਂਸਫਿਊਜ਼ਨ ਮੈਡੀਸਨ ਵਿਭਾਗ) ਅਤੇ ਸ਼੍ਰੀ ਏ.ਪੀ. ਸਿੰਘ (ਸੀਨੀਅਰ ਮੀਤ ਪ੍ਰਧਾਨ, ਥੈਲੇਸੀਮਿਕ ਚੈਰੀਟੇਬਲ ਟਰੱਸਟ) ਨੇ ਖ਼ੂਨ ਦਾਨੀਆਂ, ਮੈਡੀਕਲ ਟੀਮ ਅਤੇ ਟਰੱਸਟ ਦੇ ਸਟਾਫ ਦਾ ਧੰਨਵਾਦ ਕੀਤਾ। ਇਸ ਮੌਕੇ ਆਮ ਜਨਤਾ ਨੂੰ ਕੀਮਤੀ ਜਾਨਾਂ ਬਚਾਉਣ ਲਈ ਵੱਧ ਤੋਂ ਵੱਧ ਸਵੈ-ਇੱਛੁਕ ਖ਼ੂਨ ਦਾਨ ਕਰਨ ਦੀ ਅਪੀਲ ਕੀਤੀ ਗਈ। ਕੈਂਪ ਵਿੱਚ ਟਰੱਸਟ ਦੇ ਮੈਂਬਰ ਸ਼੍ਰੀ ਏ.ਪੀ. ਸਿੰਘ, ਐੱਮ.ਐੱਲ. ਗਾਂਧੀ, ਬਲਰਾਜ ਸਿੰਘ ਗਿੱਲ ਅਤੇ ਅਮਿਤ ਸੂਦ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਤੰਬਾਕੂ ਮੁਕਤ ਯੁਵਾ ਮੁਹਿੰਮ ਤਹਿਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਚੁੱਕੀ ਸਹੁੰ

ਊਨਾ, 2 ਨਵੰਬਰ
(ਪੈ.ਗਾਮ-ਏ-ਜਗਤ)

ਤੰਬਾਕੂ ਮੁਕਤ ਯੁਵਾ ਮੁਹਿੰਮ 4.0 ਤਹਿਤ ਸੋਮਵਾਰ ਨੂੰ ਮੁੱਖ ਮੈਡੀਕਲ ਅਧਿਕਾਰੀ ਦੇ ਦਫ਼ਤਰ, ਊਨਾ ਵਿਖੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਤੰਬਾਕੂ ਮੁਕਤ

- **ਸੀਐਮਓ ਡਾ. ਸੰਜੀਵ ਵਰਮਾ ਨੇ ਕੀਤੀ ਪ੍ਰੋਗਰਾਮ ਦੀ ਪ੍ਰਧਾਨਗੀ, 26 ਦਸੰਬਰ ਤੱਕ ਚੱਲੇਗੀ ਵਿਸ਼ੇਸ਼ ਮੁਹਿੰਮ**

ਸਮਾਜ ਦੀ ਸਿਰਜਣਾ ਲਈ ਸਹੁੰ ਚੁਕਾਈ ਗਈ।



ਪ੍ਰੋਗਰਾਮ ਦੀ ਪ੍ਰਧਾਨਗੀ ਮੁੱਖ ਮੈਡੀਕਲ ਅਧਿਕਾਰੀ ਡਾ. ਸੰਜੀਵ ਕੁਮਾਰ ਵਰਮਾ ਨੇ ਕੀਤੀ। ਜ਼ਿਲ੍ਹੇ ਵਿੱਚ ਇਹ ਵਿਸ਼ੇਸ਼ ਮੁਹਿੰਮ 28 ਅਕਤੂਬਰ ਤੋਂ 26 ਦਸੰਬਰ ਤੱਕ ਚਲਾਈ ਜਾ ਰਹੀ ਹੈ। ਇਸ ਮੌਕੇ ਡਾ. ਸੰਜੀਵ ਕੁਮਾਰ ਵਰਮਾ ਨੇ ਕਿਹਾ ਕਿ ਤੰਬਾਕੂ ਦਾ ਸੇਵਨ ਕੈਂਸਰ, ਦਿਲ ਦੀਆਂ ਬਿਮਾਰੀਆਂ ਅਤੇ ਫੇਫੜਿਆਂ ਨਾਲ ਸਬੰਧਤ ਗੰਭੀਰ ਬਿਮਾਰੀਆਂ ਦਾ ਮੁੱਖ ਕਾਰਨ ਹੈ। ਇਸ ਮੁਹਿੰਮ ਦਾ ਉਦੇਸ਼ ਖ਼ਾਸ ਤੌਰ 'ਤੇ ਨੌਜਵਾਨਾਂ ਨੂੰ ਤੰਬਾਕੂ ਉਤਪਾਦਾਂ ਦੇ ਸੇਵਨ ਤੋਂ ਦੂਰ ਰੱਖਣਾ ਅਤੇ ਉਨ੍ਹਾਂ ਵਿੱਚ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਜਾਗਰੂਕਤਾ ਵਧਾਉਣਾ ਹੈ। ਉਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਖੁਦ ਤੰਬਾਕੂ ਤੋਂ ਦੂਰ ਰਹਿਣ ਦੇ ਨਾਲ-ਨਾਲ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੀ ਅਪੀਲ ਕੀਤੀ।

ਪ੍ਰੋਗਰਾਮ ਦੌਰਾਨ ਹਾਜ਼ਰ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਤੰਬਾਕੂ ਮੁਕਤ ਸਮਾਜ ਦੀ ਸਿਰਜਣਾ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਸਹੁੰ ਚੁੱਕੀ।

ਇਸ ਮੌਕੇ ਜ਼ਿਲ੍ਹਾ ਸਿਹਤ ਅਧਿਕਾਰੀ ਡਾ. ਸੁਖਦੀਪ ਸਿੰਘ ਸਿੱਧੂ, ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀ ਡਾ. ਪੁਸ਼ਪਿੰਦਰ ਰਾਣਾ, ਡਾ. ਵਿਸ਼ਾਲ ਠਾਕੁਰ, ਜਨ ਸਿੱਖਿਆ ਅਤੇ ਸੂਚਨਾ ਅਧਿਕਾਰੀ ਗੋਪਾਲ ਕ੍ਰਿਸ਼ਨ ਸਮੇਤ ਹੋਰ ਕਰਮਚਾਰੀ ਵੀ ਹਾਜ਼ਰ ਸਨ।

ਰਾਏ ਮਾਰਕੀਟ ਦੇ ਦੁਕਾਨਦਾਰਾਂ ਨੇ ਨਾਜਾਇਜ਼ ਕਬਜ਼ੇ ਹਟਾਉਣ ਆਈ ਨਗਰ ਕੌਂਸਲ ਦੀ ਟੀਮ ਦਾ ਕੀਤਾ ਵਿਰੋਧ

ਪੈ.ਗਾਮ-ਏ-ਜਗਤ/ਅੰਬਾਲਾ
2 ਨਵੰਬਰ (ਆਰ.ਸਿੰਘ)

ਅੱਜ ਨਗਰ ਕੌਂਸਲ ਅੰਬਾਲਾ ਕੈਂਟ ਦੀ ਟੀਮ ਪੁਲੀਸ ਬਲ ਦੇ ਨਾਲ ਦੁਕਾਨਦਾਰਾਂ ਵੱਲੋਂ ਕੀਤੇ ਜਾ ਰਹੇ ਨਾਜਾਇਜ਼ ਕਬਜ਼ੇ ਹਟਾਉਣ ਲਈ ਰਾਏ ਮਾਰਕੀਟ ਪਹੁੰਚੀ ਜਿੱਥੇ

- **ਦੁਕਾਨਦਾਰ ਪਹੁੰਚੇ ਕੈਬਨਿਟ ਮੰਤਰੀ ਅਨਿਲ ਵਿਜ ਦੇ ਦਰਬਾਰ**



ਦੁਕਾਨਦਾਰਾਂ ਨੇ ਇਸ ਟੀਮ ਦਾ ਵਿਰੋਧ ਕੀਤਾ। ਨਗਰ ਕੌਂਸਲ ਅਧਿਕਾਰੀ ਸੁਨੀਲ ਦੱਤ ਨੇ ਦੱਸਿਆ ਕਿ ਦੁਕਾਨਦਾਰਾਂ ਨੇ ਪੀਲੀ ਪੱਟੀ ਤੋਂ ਵੀ ਬਾਹਰ ਆਪਣਾ ਸਮਾਨ ਰੱਖਿਆਂ ਹੋਇਆ ਹੈ ਅਤੇ ਦੁਕਾਨਾਂ ਦੇ ਬਾਹਰ ਸ਼ਾਮਿਆਨੇ ਵੀ ਲਾਏ ਹਨ ਜਿਸ ਨਾਲ ਲੋਕਾਂ ਨੂੰ ਆਉਣ-ਜਾਣ ਵਿਚ ਮੁਸ਼ਕਲਾਂ ਆ ਰਹੀਆਂ ਹਨ। ਲਗਾਤਾਰ ਸ਼ਿਕਾਇਤਾਂ ਮਿਲਣ ਤੋਂ ਬਾਅਦ ਅੱਜ ਉਨ੍ਹਾਂ ਦੀ ਟੀਮ ਕਾਰਵਾਈ ਲਈ ਆਈ ਹੈ। ਉਸ ਦਾ ਕਹਿਣਾ ਸੀ ਕਿ ਦੁਕਾਨਾਂ ਦੇ ਬਾਹਰ ਸਾਮਾਨ ਰੱਖਣ ਅਤੇ ਸੜਕਾਂ 'ਤੇ ਕਬਜ਼ਾ ਕਰਨ ਨਾਲ ਜਨਤਾ ਨੂੰ ਪਰੇਸ਼ਾਨੀ ਹੁੰਦੀ ਹੈ। ਇਸ ਤੋਂ ਇਲਾਵਾ, ਜੇ ਬਾਜ਼ਾਰ ਵਿੱਚ ਅੱਗ ਲੱਗ ਜਾਵੇ ਤਾਂ ਇਨ੍ਹਾਂ ਕਬਜ਼ਿਆਂ ਕਰਕੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਮੌਕੇ 'ਤੇ ਨਹੀਂ ਪਹੁੰਚ ਸਕਣਗੀਆਂ। ਨਗਰ ਨਿਗਮ ਦੇ ਸੀਐਸਆਈ ਸੁਨੀਲ ਦੱਤ ਨੇ ਕਿਹਾ ਕਿ ਇਹ ਮੁਹਿੰਮ ਕਮਿਸ਼ਨਰ ਦੇ ਆਦੇਸ਼ਾਂ 'ਤੇ ਚਲਾਈ ਜਾ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਬਾਜ਼ਾਰਾਂ ਵਿੱਚ ਕਬਜ਼ੇ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੇ ਜਾਣਗੇ ਅਤੇ ਇਸ ਨੂੰ ਹਟਾਉਣ ਦੀ ਪ੍ਰਕਿਰਿਆ ਜਾਰੀ ਰਹੇਗੀ।

ਦੁਕਾਨਦਾਰਾਂ ਨੇ ਨਗਰ ਕੌਂਸਲ ਦੀ ਕਾਰਵਾਈ ਤੋਂ ਨਾਰਾਜ਼ ਹੋ ਕੇ ਕੈਬਨਿਟ ਮੰਤਰੀ ਅਨਿਲ ਵਿਜ ਅੱਗੇ ਸ਼ਿਕਾਇਤ ਕੀਤੀ ਕਿ ਨਗਰ ਕੌਂਸਲ ਕੇਵਲ ਰਾਏ ਮਾਰਕੀਟ ਵਿਚ ਆ ਕੇ ਹੀ ਕਾਰਵਾਈ ਕ

ਨੈਸ਼ਨਲ ਹਾਈਵੇਅ 'ਤੇ ਰੈਲ ਮਾਜਰਾ ਨੇੜੇ ਕਾਰ ਦੀ ਟੱਕਰ ਨਾਲ ਬਾਰਾਂ ਸਿੰਗੇ ਦੀ ਮੌਕੇ 'ਤੇ ਮੌਤ

- ਕਾਰ ਦਾ ਭਾਰੀ ਨੁਕਸਾਨ, ਸਵਾਰੀਆਂ ਜ਼ਖਮੀ, ਜੰਗਲਾਂ ਦੀ ਕਟਾਈ ਅਤੇ ਸ਼ਿਕਾਰੀਆਂ ਕਾਰਨ ਸੜਕਾਂ 'ਤੇ ਆ ਰਹੇ ਜੰਗਲੀ ਜੀਵ

ਪੈ.ਗਾਮ-ਏ-ਜਗਤ
ਨਵਾਂਸ਼ਹਿਰ /ਕਾਠਗੜ੍ਹ, 2 ਨਵੰਬਰ
(ਜਤਿੰਦਰ ਪਾਲ ਸਿੰਘ ਕਲੇਰ)

ਸਵੇਰੇ ਕਰੀਬ 8 ਵਜੇ ਨੈਸ਼ਨਲ ਹਾਈਵੇਅ 344ਏ 'ਤੇ ਰਾਇਤ ਇੰਟਰਨੈਸ਼ਨਲ ਸਕੂਲ ਰੈਲ ਮਾਜਰਾ ਨੇੜੇ ਇੱਕ ਦਰਦਨਾਕ ਹਾਦਸਾ ਵਾਪਰਿਆ, ਜਿਸ ਵਿੱਚ ਕਾਰ ਦੀ ਟੱਕਰ ਨਾਲ ਇੱਕ ਬਾਰਾਂ ਸਿੰਗੇ ਦੀ ਮੌਕੇ 'ਤੇ ਹੀ ਮੌਤ ਹੋ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਦਾ ਵੀ ਭਾਰੀ ਨੁਕਸਾਨ ਹੋਇਆ ਅਤੇ ਕਾਰ ਸਵਾਰਾਂ ਨੂੰ ਸੱਟਾਂ ਲੱਗੀਆਂ। ਹਾਦਸੇ ਤੋਂ ਬਾਅਦ ਮੌਕੇ 'ਤੇ ਲੋਕਾਂ ਦੀ ਭਾਰੀ ਭੀੜ ਇਕੱਠੀ ਹੋ ਗਈ ਅਤੇ ਸੜਕ 'ਤੇ ਕਾਫੀ ਦੇਰ ਤੱਕ ਆਵਾਜਾਈ ਪ੍ਰਭਾਵਿਤ ਰਹੀ।

ਉੱਘੇ ਸਮਾਜ ਸੇਵੀ ਪ੍ਰਧਾਨ ਸੁਰਿੰਦਰ ਸ਼ਿੰਦਾ ਰੈਲ ਮਾਜਰਾ ਨੇ ਇਸ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਹੁਣ ਦਿਵਾਲੀ ਦਾ ਸਮਾਂ ਹੈ ਅਤੇ ਜੰਗਲਾਂ ਵਿੱਚ ਸ਼ਿਕਾਰੀ ਸ਼ਿਕਾਰ ਕਰਨ ਲਈ ਆ ਰਹੇ ਹਨ। ਉਨ੍ਹਾਂ ਤੋਂ ਡਰਦੇ ਹੋਏ ਜੰਗਲੀ ਜੀਵ ਜੰਤੂ ਜੰਗਲ ਛੱਡ ਕੇ ਸੜਕਾਂ ਅਤੇ ਪਿੰਡਾਂ ਵੱਲ ਆ ਰਹੇ ਹਨ, ਜਿਸ ਕਾਰਨ ਅਜਿਹੇ ਹਾਦਸੇ ਵਾਪਰ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਜੰਗਲੀ ਜੀਵਾਂ ਨੂੰ ਜੰਗਲ ਵਿੱਚ ਹੀ ਸੁਰੱਖਿਆ ਨਹੀਂ ਮਿਲੇਗੀ ਤਾਂ ਉਹ ਭਟਕ ਕੇ ਆਬਾਦੀ ਵੱਲ



ਆਉਣਗੇ ਹੀ। ਪ੍ਰਧਾਨ ਸੁਰਿੰਦਰ ਸ਼ਿੰਦਾ ਰੈਲਮਾਜਰਾ ਨੇ ਸਭ ਤੋਂ ਵੱਡੀ ਗੱਲ ਇਹ ਕਹੀ ਕਿ ਜਦੋਂ ਜਲ, ਜੰਗਲ ਅਤੇ ਜ਼ਮੀਨ ਹੀ ਨਹੀਂ ਰਹਿਣੀ ਤਾਂ ਜੰਗਲੀ ਜੀਵ ਸੜਕਾਂ 'ਤੇ ਆਉਣਗੇ ਹੀ।

ਇਸ ਕਰਕੇ ਦਰਜਨਾਂ ਹੀ ਜੰਗਲੀ ਜੀਵ ਜੰਤੂ ਪਿੰਡਾਂ, ਸ਼ਹਿਰਾਂ ਅਤੇ ਸੜਕਾਂ 'ਤੇ ਆ ਰਹੇ ਹਨ। ਕੁਝ ਨੂੰ ਸ਼ਿਕਾਰੀ ਮਾਰ ਰਹੇ ਹਨ ਅਤੇ ਕੁਝ ਦੁਰਘਟਨਾਗ੍ਰਸਤ ਹੋ ਰਹੇ ਹਨ, ਜੋ ਕਿ ਬਹੁਤ ਹੀ ਚਿੰਤਾ ਵਾਲੀ ਗੱਲ ਹੈ। ਸਮਾਜ ਸੇਵੀ ਅਰਜੁਨ ਸਿੰਘ ਸੰਜੀਵ ਸੋਨੂੰ ਨੇ ਵੀ ਇਸ ਮੌਕੇ ਕਿਹਾ ਕਿ ਜੰਗਲੀ ਜੀਵਾਂ ਦੀ ਰੱਖਿਆ ਸਿਰਫ਼ ਸਰਕਾਰ ਦੀ ਹੀ ਨਹੀਂ, ਸਗੋਂ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜੰਗਲ ਕੱਟਣਾ ਅਤੇ ਜੰਗਲੀ ਜੀਵਾਂ ਦਾ ਸ਼ਿਕਾਰ ਕਰਨਾ ਕਾਨੂੰਨੀ ਅਪਰਾਧ ਹੈ, ਫਿਰ ਵੀ ਇਸ 'ਤੇ ਰੋਕ ਨਹੀਂ ਲੱਗ ਰਹੀ। ਜੇਕਰ ਸਮੇਂ ਸਿਰ ਠੋਸ ਕਦਮ ਨਾ ਚੁੱਕੇ ਗਏ ਤਾਂ ਆਉਣ ਵਾਲੇ ਸਮੇਂ ਵਿੱਚ ਜੰਗਲੀ ਜੀਵਾਂ ਦੀਆਂ ਕਈ ਨਸਲਾਂ ਖਤਮ ਹੋ ਜਾਣਗੀਆਂ ਅਤੇ ਵਾਤਾਵਰਣ ਦਾ ਸੰਤੁਲਨ ਵਿਗੜ ਜਾਵੇਗਾ। ਇਸ ਮੌਕੇ ਪ੍ਰਧਾਨ ਸੁਰਿੰਦਰ ਸ਼ਿੰਦਾ ਅਤੇ ਸਮਾਜ ਸੇਵੀ ਅਰਜੁਨ ਸਿੰਘ ਸੰਜੀਵ ਸੋਨੂੰ ਨੇ ਸਰਕਾਰ, ਜੰਗਲਾਤ ਵਿਭਾਗ ਅਤੇ ਵਾਤਾਵਰਣ ਪ੍ਰੇਮੀਆਂ ਨੂੰ ਅਪੀਲ ਕੀਤੀ ਕਿ ਜੰਗਲੀ ਜੀਵਾਂ ਨੂੰ ਬਚਾਉਣ ਲਈ ਠੋਸ ਕਦਮ ਚੁੱਕੇ ਜਾਣ। ਸ਼ਿਕਾਰੀਆਂ 'ਤੇ ਸਖ਼ਤ ਕਾਰਵਾਈ ਕੀਤੀ ਜਾਵੇ, ਜੰਗਲਾਂ ਦੀ ਕਟਾਈ 'ਤੇ ਤੁਰੰਤ ਰੋਕ ਲਗਾਈ ਜਾਵੇ ਅਤੇ ਜੰਗਲੀ ਜੀਵਾਂ ਲਈ ਸੁਰੱਖਿਅਤ ਮਾਹੌਲ ਬਣਾਇਆ ਜਾਵੇ ਤਾਂ ਜੋ ਅਜਿਹੇ ਦਰਦਨਾਕ ਹਾਦਸੇ ਦੁਬਾਰਾ ਨਾ ਵਾਪਰਨ।

ਪੰਜਾਬ ਦੀ ਸਿਆਸਤ ਵਿੱਚ ਵੱਡਾ ਫੇਰਬਦਲ, 'ਆਪ' ਦੇ ਤਿੰਨ ਵੱਡੇ ਆਗੂ ਭਾਜਪਾ ਵਿੱਚ ਸ਼ਾਮਲ : ਰਵੀ ਇੰਦਰ ਸਿੰਘ ਬਾਗੋਵਾਲ

ਪੈ.ਗਾਮ-ਏ-ਜਗਤ/ਬਲਾਚੌਰ
2 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

ਸੀਨੀਅਰ ਭਾਜਪਾ ਆਗੂ ਰਵੀ ਇੰਦਰ ਸਿੰਘ ਬਾਗੋਵਾਲ ਨੇ ਕਿਹਾ ਕਿ ਪੰਜਾਬ ਦੀ ਸਿਆਸਤ ਵਿੱਚ ਵੱਡਾ ਫੇਰਬਦਲ ਹੋਇਆ ਹੈ। ਆਮ ਆਦਮੀ ਪਾਰਟੀ ਦੇ ਤਿੰਨ ਵੱਡੇ ਆਗੂਆਂ ਹਰਮੀਤ ਸਿੰਘ ਪਠਾਨਮਾਜਰਾ (ਸਨੌਰ), ਚੇਤਨ ਸਿੰਘ ਜੌੜਾਮਾਜਰਾ (ਸਮਾਣਾ) ਅਤੇ ਕੁੰਵਰ ਵਿਜੇ ਪ੍ਰਤਾਪ ਸਿੰਘ (ਅੰਮ੍ਰਿਤਸਰ ਉੱਤਰੀ) ਨੇ 2 ਨਵੰਬਰ ਨੂੰ ਦਿੱਲੀ ਵਿਖੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਹੈ।

ਰਵੀ ਇੰਦਰ ਸਿੰਘ ਬਾਗੋਵਾਲ ਨੇ ਕਿਹਾ ਕਿ ਤਿੰਨਾਂ ਆਗੂਆਂ ਦਾ ਭਾਜਪਾ ਵਿੱਚ ਆਉਣਾ ਇਸ ਗੱਲ ਦਾ ਸੰਕੇਤ ਹੈ ਕਿ ਪੰਜਾਬ ਦੇ ਲੋਕ ਹੁਣ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਵਿਕਾਸ ਦੀ ਰਾਜਨੀਤੀ 'ਤੇ ਭਰੋਸਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉੱਤਰੀ, ਜਿਸ ਕਾਰਨ ਉਸ ਦੇ ਆਪਣੇ ਆਗੂ ਹੀ ਪਾਰਟੀ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ



ਆਗੂਆਂ ਦੇ ਆਉਣ ਨਾਲ ਪੰਜਾਬ ਵਿੱਚ ਭਾਜਪਾ ਹੋਰ ਮਜ਼ਬੂਤ ਹੋਵੇਗੀ। ਪਾਰਟੀ ਹਰ ਵਰਗ ਦੇ ਆਗੂਆਂ ਅਤੇ ਵਰਕਰਾਂ ਨੂੰ ਨਾਲ ਲੈ ਕੇ ਚੱਲੇਗੀ ਅਤੇ ਪੰਜਾਬ ਵਿੱਚ ਸੁਸ਼ਾਸਨ, ਵਿਕਾਸ ਅਤੇ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਲਈ ਕੰਮ ਕਰੇਗੀ। ਰਵੀ ਇੰਦਰ ਸਿੰਘ ਬਾਗੋਵਾਲ ਨੇ ਤਿੰਨਾਂ ਆਗੂਆਂ ਦਾ ਭਾਜਪਾ ਪਰਿਵਾਰ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਤਜਰਬੇ ਦਾ ਪਾਰਟੀ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਵੱਡਾ ਲਾਭ ਮਿਲੇਗਾ।

ਨੂਰਪੁਰ 'ਚ ਕਰਵਾਇਆ 35ਵਾਂ ਸਰਦਾਰ ਮੁਹੰਮਦ ਗੁਲਜ਼ਾਰ ਮੁਹੰਮਦ ਸੰਗੀਤ ਮੇਲਾ

ਮੇਲੇ ਸਾਨੂੰ ਸੱਭਿਆਚਾਰ ਅਤੇ ਆਪਣੀ ਵਿਰਾਸਤ ਨਾਲ ਜੋੜਦੇ ਹਨ : ਮਲਵਿੰਦਰ ਸਿੰਘ ਕੰਗ

ਪੈ.ਗਾਮ-ਏ-ਜਗਤ
ਨਵਾਂਸ਼ਹਿਰ 2 ਨਵੰਬਰ
(ਜਤਿੰਦਰ ਪਾਲ ਸਿੰਘ ਕਲੇਰ)

ਸਰਦਾਰ ਮੁਹੰਮਦ ਅਤੇ ਗੁਲਜਾਰ ਮੁਹੰਮਦ ਦੀ ਯਾਦ 'ਚ ਸਰਦਾਰ ਮੁਹੰਮਦ ਟਰਸਟ ਨੂਰਪੁਰ ਵੱਲੋਂ 35ਵਾਂ ਸੰਗੀਤ ਮੇਲਾ ਕਰਵਾਇਆ ਗਿਆ। ਮੇਲੇ ਦੇ ਮੁੱਖ ਮਹਿਮਾਨ ਮਲਵਿੰਦਰ ਸਿੰਘ ਕੰਗ ਮੈਂਬਰ ਪਾਰਲੀਮੈਂਟ ਹਲਕਾ ਸ਼ੀ ਅਨੰਦਪੁਰ ਸਾਹਿਬ ਨੇ ਆਖਿਆ ਕਿ ਸੱਭਿਆਚਾਰ ਅਤੇ ਸੰਗੀਤ ਮੇਲੇ ਸਾਨੂੰ ਆਪਣੇ ਸੱਭਿਆਚਾਰ ਅਤੇ ਵਿਰਾਸਤ ਨਾਲ ਜੋੜਦੇ ਹਨ। ਉਹਨਾਂ ਆਖਿਆ ਕਿ ਲਗਾਤਾਰ ਜੋ ਸਰਦਾਰ ਮੁਹੰਮਦ ਟਰਸਟ ਵਲੋਂ ਸੰਗੀਤ ਮੇਲਾ ਕਰਵਾਇਆ ਜਾ ਰਿਹਾ ਹੈ, ਇਹ ਬਹੁਤ ਹੀ ਸ਼ਲਾਘਾਯੋਗ ਉਦਮ ਹੈ।

ਇਸ ਨਾਲ ਨਵੇਂ ਕਲਾਕਾਰਾਂ ਨੂੰ ਵੀ ਸੰਗੀਤ ਨਾਲ ਜੁੜਨ ਦਾ ਮੌਕਾ ਮਿਲਦਾ ਹੈ। ਉਹਨਾਂ ਆਖਿਆ ਕਿ



ਨਾਮੀ ਸੰਗੀਤਕਾਰ ਜਿੱਥੇ ਇਸ ਮੇਲੇ ਚ ਹਾਜਰੀ ਭਰਦੇ ਹਨ, ਉੱਥੇ ਲੋਕਾਂ ਨੂੰ ਸੰਗੀਤ ਨਾਲ ਜੁੜਨ ਦਾ ਵੀ ਮੌਕਾ ਪ੍ਰਦਾਨ ਹੁੰਦਾ ਹੈ। ਡਾ ਸੁਖਵਿੰਦਰ ਸੁਖੀ ਵਿਧਾਇਕ ਹਲਕਾ ਬੰਗਾ ਨੇ ਆਖਿਆ ਕਿ ਸਰਦਾਰ ਮੁਹੰਮਦ ਅਤੇ ਗੁਲਜਾਰ ਮੁਹੰਮਦ ਫਨਕਾਰ ਸੰਗੀਤਕਾਰਾਂ ਦਾ ਸੰਗੀਤ ਦੇ ਖੇਤਰ ਚ ਵੱਡਾ ਯੋਗਦਾਨ ਹੈ, ਜਿਨਾਂ ਦੀ ਯਾਦ ਤਾਜ਼ਾ ਕਰਕੇ ਟਰਸਟ ਵੱਲੋਂ ਬਹੁਤ ਵੱਡਾ ਉਪਰਾਲਾ ਕੀਤਾ ਜਾਂਦਾ ਹੈ। ਕੁਲਜੀਤ ਸਿੰਘ ਸਰਹਾਲ ਚੇਅਰਮੈਨ ਜਲ ਸਰੋਤ ਵਿਭਾਗ ਪੰਜਾਬ ਨੇ ਆਖਿਆ ਕਿ ਜੋ ਸੰਗੀਤ ਮੇਲਾ 35 ਸਾਲ ਤੋਂ ਲਗਾਤਾਰ ਚੱਲ ਰਿਹਾ ਹੈ ਇਹ ਸੰਗੀਤ ਫਨਕਾਰਾਂ ਦੀ ਯਾਦ ਨੂੰ ਤਾਜ਼ਾ ਕਰਦਾ ਹੈ।

ਮੇਲੇ ਦੌਰਾਨ ਪ੍ਰਸਿੱਧ ਕਲਾਕਾਰ ਮੁਹੰਮਦ ਸਦੀਕ, ਸਤਵਿੰਦਰ ਬੁੱਗਾ, ਫਿਰੋਜ਼ ਖਾਨ, ਰੂਬੀ ਖਾਨ, ਨਛੱਤਰ ਗਿੱਲ, ਕੁਲਵਿੰਦਰ ਕੈਲੀ, ਗਗਨ ਕੋਕਰੀ, ਰਾਜ ਜੁਝਾਰ ,ਕੌਰ ਸਿਸਟਰ ਰਣਜੀਤ ਰਾਣਾ ਕਮਲ ਕਟਾਣੀਆਂ ਨੇ ਆਪਣੇ ਗੀਤ ਪੇਸ਼ ਕੀਤੇ। ਮੰਚ ਸੰਚਾਲਨ ਆਸ਼ੂ ਚੋਪੜਾ ਅਤੇ ਜਸਬੀਰ ਸਿੰਘ ਨੂਰਪੁਰ ਨੇ ਕੀਤਾ। ਕਲਾਕਾਰ ਦਾ ਪ੍ਰਧਾਨ ਬੂਟਾ ਮੁਹੰਮਦ ਅਤੇ ਪ੍ਰਬੰਧਕੀ ਮੰਡਲ ਨੇ ਸਨਮਾਨ ਕੀਤਾ ਇਸ ਮੌਕੇ ਤੇ ਸਾਈ ਉਮਰੇ ਸ਼ਾਹ ਮਢਾਲੀ ਸ਼ਰੀਫ , ਜਸਪ੍ਰੀਤ ਸਿੰਘ ਰੋਬੀ ਕੰਗ ਹਲਕਾ ਇੰਚਾਰਜ ਨਵਾਂਸ਼ਹਿਰ, ਸਤਿੰਦਰ ਕੌਰ ਨੂਰਪੁਰ ਚੇਅਰਪਰਸਨ ਪੰਚਾਇਤ ਸੰਮਤੀ ਬੰਗਾ,ਪਵਨਜੀਤ ਸਿੰਘ ਸਿੱਧੂ ਸੰਗਠਨ ਹਲਕਾ ਇੰਚਾਰਜ, ਡਾਕਟਰ ਕਮਲਜੀਤ ਨਵਾਂ ਸ਼ਹਿਰ, ਬਸਪਾ ਆਗੂ ਪ੍ਰਵੀਨ ਬੰਗਾ, ਸ਼ਿਵਰਾਮ ਕੈਂਥ ,ਸਾਈ ਪੱਪਲ ਸ਼ਾਹ , ਸਰਬਜੀਤ ਸਿੰਘ ਰਾਏ, ਕੁਲਵੰਤ ਸਿੰਘ ਹੀਰ ਸਾਬਕਾ ਜਿਲ੍ਹਾ ਪੁਲਿਸ ਮੁਖੀ, ਅਜਮੇਰ ਸਹੋਤਾ, ਨਰਿੰਦਰ ਬੰਗਾ, ਰਣਜੀਤ ਰਾਣਾ, ਸੁਲਤਾਨ ਮੁਹੰਮਦ, ਗੁਰਸੇਵ ਸਿੰਘ ਧਾਲੀਵਾਲ, ਲਖਵਿੰਦਰ ਸਾਬੀ, ਵਰਿੰਦਰ ਮਾਨ, ਦੇਸ਼ਰਾਜ ਬੰਗਾ, ਮਨਿੰਦਰ ਕੌਰ ਸਰਪੰਚ,ਮਨਜੀਤ ਕੌਰ ਬਲਵੀਰ ਕੌਰ ਪੰਚ, ਅਜਮੇਰ ਚਾਨਾ ਆਦਿ ਹਾਜ਼ਰ ਸਨ।

ਰਯਾਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵੱਲੋਂ 'ਨਸ਼ਾ ਮੁਕਤ ਯੁਵਾ' ਮੁਹਿੰਮ ਤਹਿਤ ਬਲਾਕ ਪੱਧਰੀ ਨੇਬਰਹੁੱਡ ਯੂਥ ਪਾਰਲੀਮੈਂਟ ਦਾ ਆਯੋਜਨ

- ਵਿਦਿਆਰਥੀਆਂ ਤੇ ਫੈਕਲਟੀ ਨੇ ਚੁੱਕੀ ਨਸ਼ਾ ਮੁਕਤ ਸਮਾਜ ਸਿਰਜਣ ਦੀ ਸਹੁੰ; 200 ਦੇ ਕਰੀਬ ਨੌਜਵਾਨਾਂ ਨੇ ਦਿਖਾਇਆ ਉਤਸ਼ਾਹ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ/ਦਲਜੀਤ ਅਜਨੋਹਾ

ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੀ ਪਹਿਲਕਦਮੀ 'ਮੇਰਾ ਯੁਵਾ ਭਾਰਤ'ਹੁਸ਼ਿਆਰਪੁਰ ਬਲਾਕ-1 ਦੇ ਸਹਿਯੋਗ ਨਾਲ ਰਯਾਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਦੇ ਐੱਨ.ਐੱਸ.ਐੱਸ. ਵਿੰਗ ਵੱਲੋਂ 'ਨਸ਼ਾ ਮੁਕਤ ਯੁਵਾ' ਥੀਮ ਅਧੀਨ ਬਲਾਕ ਪੱਧਰੀ 'ਨੇਬਰਹੁੱਡ ਯੂਥ ਪਾਰਲੀਮੈਂਟ 2026-27' ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਮੰਤਵ ਨੌਜਵਾਨਾਂ ਨੂੰ ਨਸ਼ਿਆਂ ਦੇ ਵਧ ਰਹੇ ਮਾਰੂ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਇੱਕ ਸਿਹਤਮੰਦ ਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪ੍ਰੇਰਿਤ ਕਰਨਾ ਸੀ। ਸਮਾਗਮ ਦੀ ਸ਼ੁਰੂਆਤ ਰਵਾਇਤੀ ਸ਼ਮ?ਹਾ ਰੌਸ਼ਨ ਕਰਕੇ ਕੀਤੀ ਗਈ। ਇਸ ਉਪਰੰਤ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਅਧੀਨ 'ਮਾਈ ਭਾਰਤ' ਹੁਸ਼ਿਆਰਪੁਰ ਦੀ ਡਿਪਟੀ ਡਾਇਰੈਕਟਰ ਸ਼੍ਰੀਮਤੀ ਜਸਲੀਨ ਕੌਰ ਨੇ ਵਿਦਿਆਰਥੀਆਂ ਨੂੰ 'ਮਾਈ ਭਾਰਤ ਪੋਰਟਲ' ਦੇ ਉਦੇਸ਼ਾਂ, ਵਿਸ਼ੇਸ਼ਤਾਵਾਂ, ਲਾਭਾਂ ਅਤੇ



ਨੌਜਵਾਨਾਂ ਦੇ ਲੀਡਰਸ਼ਿਪ ਵਿਕਾਸ ਤੇ ਸਮਾਜਿਕ ਭਾਗੀਦਾਰੀ ਦੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ।

ਜਾਗਰੂਕਤਾ ਸੈਸ਼ਨ ਦੌਰਾਨ ਸਕੂਲ ਆਫ਼ ਕੰਪਿਊਟਿੰਗ ਐਂਡ ਇੰਜੀਨੀਅਰਿੰਗ ਦੇ ਡੀਨ ਡਾ. ਗੁਰਜੀਤ ਸਿੰਘ ਨੇ 'ਨਸ਼ਿਆਂ ਦੀ ਸਮੱਸਿਆ: ਭਾਰਤੀ ਨੌਜਵਾਨਾਂ ਸਾਹਮਣੇ ਚੁਣੌਤੀਆਂ' ਵਿਸ਼ੇ 'ਤੇ ਭਾਸ਼ਣ ਦਿੱਤਾ। ਉਹਨਾਂ ਨੇ ਨਸ਼ੇ ਦੇ ਕਾਰਨਾਂ, ਕਿਸਮਾਂ ਅਤੇ ਮਨੁੱਖੀ ਸਰੀਰ, ਮਾਨਸਿਕ ਸਿਹਤ, ਪਰਿਵਾਰ ਤੇ ਸਮਾਜ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉਹਨਾਂ ਕਿਹਾ ਕਿ ਨਸ਼ਿਆਂ ਦਾ ਰੁਝਾਨ ਭਾਰਤ ਦੇ ਜਨਸੰਖਿਆ ਲਾਭਅੰਸ਼ ਅਤੇ 'ਵਿਕਸਿਤ ਭਾਰਤ' ਦੇ ਸੁਪਨੇ ਸਾਹਮਣੇ ਇੱਕ ਗੰਭੀਰ ਚੁਣੌਤੀ ਹੈ।

ਯੂਨੀਵਰਸਿਟੀ ਸਕੂਲ ਆਫ਼ ਸਾਇੰਸਿਜ਼ ਦੀ ਡੀਨ ਡਾ. ਜੋਤਸਨਾ ਨੇ 'ਜਾਗਰੂਕਤਾ ਤੋਂ ਅਮਲ ਤੱਕ: ਨਸ਼ਾ ਮੁਕਤ ਯੁਵਾ ਦੇ ਸਾਧਨ' ਵਿਸ਼ੇ 'ਤੇ ਵਿਚਾਰ ਵਟਾਂਦਰਾ ਕੀਤਾ। ਉਹਨਾਂ ਨੇ ਨੌਜਵਾਨਾਂ ਨੂੰ ਸਿਰਫ਼ ਜਾਗਰੂਕ ਹੋਣ ਤੱਕ ਸੀਮਤ ਨਾ ਰਹਿ ਕੇ ਸਮਾਜਿਕ ਪੱਧਰ 'ਤੇ ਅੱਗੇ ਆਉਣ ਅਤੇ ਆਪਣੇ ਸਾਥੀਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ 'ਤੇ ਜ਼ੋਰ ਦਿੱਤਾ।

ਇਸ ਦੌਰਾਨ 'ਮਾਈ ਭਾਰਤ' ਦੇ ਵਾਲੰਟੀਅਰਾਂ ਵੱਲੋਂ ਸਮੂਹਿਕ ਤੌਰ 'ਤੇ 'ਨਸ਼ਾ ਮੁਕਤ ਭਾਰਤ' ਦਾ ਪ੍ਰਣ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਹੋਰਨਾਂ ਨੂੰ ਵੀ ਨਸ਼ਾ ਮੁਕਤ ਸਮਾਜ ਲਈ ਜਾਗਰੂਕ ਕਰਨ ਦਾ ਵਾਅਦਾ ਕੀਤਾ। ਇਸ ਪ੍ਰੋਗਰਾਮ ਵਿੱਚ ਐੱਮ.ਐੱਲ.ਐੱਸ. ਅਤੇ ਯੂਨੀਵਰਸਿਟੀ ਸਕੂਲ ਆਫ਼ ਸਾਇੰਸਿਜ਼ ਦੇ ਲਗਭਗ 200 ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਸ਼ਮੂਲੀਅਤ ਕੀਤੀ। ਸਮਾਗਮ ਦੀ ਸਮਾਪਤੀ ਸ਼੍ਰੀਮਤੀ ਜਸਲੀਨ ਕੌਰ ਦੇ ਧੰਨਵਾਦੀ ਸੰਦੇਸ਼ ਨਾਲ ਹੋਈ, ਜਿਸ ਵਿੱਚ ਉਹਨਾਂ ਨੇ ਨਸ਼ਾ ਮੁਕਤ ਭਾਰਤ ਦੀ ਪ੍ਰਾਪਤੀ ਲਈ ਨੌਜਵਾਨਾਂ ਦੀ ਸਾਂਝੀ ਜ਼ਿੰਮੇਵਾਰੀ ਨੂੰ ਅਹਿਮ ਦੱਸਿਆ। ਪੂਰੇ ਪ੍ਰੋਗਰਾਮ ਦਾ ਤਾਲਮੇਲ ਡਾ. ਜੋਤਸਨਾ (ਡੀਨ, ਯੂ.ਐੱਸ.ਐੱਸ. ਅਤੇ ਕੋਆਰਡੀਨੇਟਰ ਐੱਨ.ਐੱਸ.ਐੱਸ., ਆਰ.ਬੀ.ਪੀ.ਯੂ.) ਵੱਲੋਂ ਬਾਖੂਬੀ ਨਿਭਾਇਆ ਗਿਆ।

ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਨੇ 'ਰੇਡੀਓਲੋਜੀ ਵਿੱਚ ਉੱਭਰਦੇ ਰੁਝਾਨ ਵਿਸ਼ੇ 'ਤੇ ਇੱਕ-ਰੋਜ਼ਾ ਸੀ.ਐਮ.ਈ. ਦਾ ਆਯੋਜਨ ਕੀਤਾ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਨੇ ÷ਰੇਡੀਓਲੋਜੀ ਵਿੱਚ ਉੱਭਰਦੇ ਰੁਝਾਨ÷ ਵਿਸ਼ੇ 'ਤੇ ਇੱਕ-ਰੋਜ਼ਾ 'ਕੰਟੀਨਿਊਇੰਗ ਮੈਡੀਕਲ ਐਜੂਕੇਸ਼ਨ' ਪ੍ਰੋਗਰਾਮ ਦਾ ਸਫਲਤਾਪੂਰਵਕ ਆਯੋਜਨ ਕੀਤਾ।

ਇਹ ਪ੍ਰੋਗਰਾਮ 'ਯੂਨੀਵਰਸਿਟੀ ਸਕੂਲ ਆਫ਼ ਅਲਾਈਡ ਹੈਲਥ ਸਾਇੰਸਿਜ਼' ਦੇ 'ਡਿਪਾਰਟਮੈਂਟ ਆਫ਼ ਮੈਡੀਕਲ ਰੇਡੀਓਲੋਜੀ ਐਂਡ ਇਮੇਜਿੰਗ ਟੈਕਨਾਲੋਜੀ' ਦੁਆਰਾ, 'ਇੰਡੀਅਨ ਸੋਸਾਇਟੀ ਆਫ਼ ਰੇਡੀਓਗ੍ਰਾਫਰਜ਼ ਐਂਡ ਟੈਕਨੋਲੋਜਿਸਟਸ' - ਚੰਡੀਗੜ੍ਹ ਚੈਪਟਰ ਦੇ ਸਹਿਯੋਗ ਨਾਲ ਅਤੇ ਐਲ ਟੀ ਐਸ ਯੂ ਦੇ ਮਾਣਯੋਗ ਚਾਂਸਲਰ, ਸ਼੍ਰੀ ਐਨ. ਐਸ. ਰਿਆਤ ਦੀ ਅਗਵਾਈ ਹ

ਅਮਿਤ ਸ਼ਾਹ ਨੇ ਚੰਡੀਗੜ੍ਹ ਵਿੱਚ ਲਗਭਗ 258 ਕਰੋੜ ਰੁਪਏ ਦੇ ਨੌਂ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ

ਪੈ.ਗਾਮ-ਏ-ਜਗਤ/ਚੰਡੀਗੜ੍ਹ
1 ਨਵੰਬਰ, (ਹਰਮਿੰਦਰ ਸਿੰਘ ਨਾਗਪਾਲ)

ਮਾਣਯੋਗ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਨੇ ਅੱਜ ਪੰਜਾਬ ਦੇ ਰਾਜਪਾਲ ਅਤੇ ਪ੍ਰਸ਼ਾਸਕ, ਯੂ.ਟੀ. ਚੰਡੀਗੜ੍ਹ, ਸ਼੍ਰੀ ਗੁਲਾਬ ਚੰਦ ਕਟਾਰੀਆ ਦੀ ਮੌਜੂਦਗੀ ਵਿੱਚ, ਸੈਕਟਰ 17, ਚੰਡੀਗੜ੍ਹ ਦੇ ਤਿਰੰਗਾ ਪਾਰਕ ਵਿਖੇ ਲਗਭਗ 258 ਕਰੋੜ ਦੇ ਨੌਂ ਵਿਕਾਸ ਪ੍ਰੋਜੈਕਟਾਂ

- ਸਿੱਖਿਆ, ਪਬਲਿਕ ਟ੍ਰਾਂਸਪੋਰਟ, ਰਿਹਾਇਸ਼, ਖੇਡਾਂ ਅਤੇ ਸੁਰੱਖਿਆ ਸਬੰਧੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪ੍ਰੋਜੈਕਟ



ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਇਨ੍ਹਾਂ ਵਿੱਚ ਲਗਭਗ 80 ਕਰੋੜ ਰੁਪਏ ਦੇ ਦੋ ਮੁਕੰਮਲ ਪ੍ਰੋਜੈਕਟ ਅਤੇ 178 ਕਰੋੜ ਰੁਪਏ ਦੇ ਅਨੁਮਾਨਿਤ ਸੱਤ ਆਉਣ ਵਾਲੇ ਪ੍ਰੋਜੈਕਟ ਸ਼ਾਮਲ ਹਨ। ਇਸ ਅਵਸਰ 'ਤੇ ਰਾਜ ਸਭਾ ਦੇ ਸੰਸਦ ਮੈਂਬਰ ਸਰਦਾਰ ਸਤਨਾਮ ਸਿੰਘ ਸੰਧੂ ਅਤੇ ਚੰਡੀਗੜ੍ਹ ਦੇ ਮੇਅਰ ਸੌਰਭ ਜੋਸ਼ੀ ਵੀ ਮੌਜੂਦ ਸਨ।

ਪ੍ਰੋਗਰਾਮ ਦੇ ਸ਼ੁਰੂ ਵਿੱਚ, ਯੂ.ਟੀ. ਚੰਡੀਗੜ੍ਹ ਦੇ ਮੁੱਖ ਸਕੱਤਰ ਅੱਜ. ਰਾਜੇਸ਼ ਪ੍ਰਸਾਦ ਵੀ ਨੇ ਸੁਆਗਤੀ ਭਾਸ਼ਣ ਦਿੰਦੇ ਹੋਏ ਮੁੱਖ ਮਹਿਮਾਨ ਸ਼੍ਰੀ ਅਮਿਤ ਸ਼ਾਹ ਅਤੇ ਹੋਰ ਪਤਵੰਤਿਆਂ ਦਾ ਹਾਰਦਿਕ ਸੁਆਗਤ ਕੀਤਾ। ਉਨ੍ਹਾਂ ਨੇ ਜਨਤਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਚੰਡੀਗੜ੍ਹ ਦੇ ਨਿਵਾਸੀਆਂ ਲਈ ਸੁਵਿਧਾਵਾਂ ਦੇ ਵਿਸਤਾਰ ਵਿੱਚ ਇਨ੍ਹਾਂ ਪ੍ਰੋਜੈਕਟਾਂ ਦੇ ਮਹੱਤਵ ਨੂੰ ਰੇਖਾਂਕਿਤ ਕੀਤਾ। ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਸਿੱਖਿਆ, ਖੇਡਾਂ, ਸਿਹਤ ਸੇਵਾਵਾਂ, ਪਬਲਿਕ ਟ੍ਰਾਂਸਪੋਰਟ ਅਤੇ ਸ਼ਹਿਰੀ ਬੁਨਿਆਦੀ ਢਾਂਚੇ ਵਿੱਚ ਚੰਡੀਗੜ੍ਹ ਦੀ ਪ੍ਰਗਤੀ ਦੇ ਨਾਲ-ਨਾਲ ਅਖੁੱਟ ਊਰਜਾ, ਕਚਰਾ ਪ੍ਰਬੰਧਨ, ਗ੍ਰੀਨ ਕਵਰ ਅਤੇ ਡਿਜੀਟਲ ਸੁਸ਼ਾਸਨ ਦੇ ਖੇਤਰ ਵਿੱਚ ਉਪਲਬਧੀਆਂ ਦਾ ਉਲੇਖ ਕੀਤਾ। ਉਨ੍ਹਾਂ ਨੇ ਨਿਰੰਤਰ ਮਾਰਗਦਰਸ਼ਨ ਅਤੇ ਸਹਿਯੋਗ ਲਈ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਦਾ ਆਭਾਰ ਵਿਅਕਤ ਕੀਤਾ ਅਤੇ ਚੰਡੀਗੜ੍ਹ ਨੂੰ ਇੱਕ ਸਵੱਛ, ਹਰਿਤ, ਸੁਰੱਖਿਅਤ, ਸਮਾਵੇਸ਼ੀ ਅਤੇ ਭਵਿੱਖ ਦੀਆਂ ਜ਼ਰੂਰਤਾਂ ਦੇ ਅਨੁਰੂਪ ਸ਼ਹਿਰ ਬਣਾਉਣ ਦੇ ਪ੍ਰਤੀ ਪ੍ਰਸ਼ਾਸਨ ਦੀ ਪ੍ਰਤੀਬੱਧਤਾ ਦੁਹਰਾਈ।

ਆਪਣੇ ਸੰਬੋਧਨ ਵਿੱਚ ਸ਼੍ਰੀ ਅਮਿਤ ਸ਼ਾਹ ਨੇ ਚੰਡੀਗੜ੍ਹ ਦੇ ਸਥਾਪਨਾ ਦਿਵਸ 'ਤੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਸ਼ਹਿਰ ਦੇ ਵਿਕਾਸ ਲਈ ਕੇਂਦਰ ਸਰਕਾਰ ਦੀ ਪ੍ਰਤੀਬੱਧਤਾ ਦੁਹਰਾਈ। ਚੰਡੀਗੜ੍ਹ ਦੀ ਵਿਲੱਖਣ ਪਹਿਚਾਣ ਅਤੇ ਪੰਜਾਬ ਅਤੇ ਹਰਿਆਣਾ ਨਾਲ ਇਸ ਦੇ ਜੁੜਾਅ ਦਾ ਉਲੇਖ ਕਰਦੇ ਹੋਏ ਉਨ੍ਹਾਂ ਨੇ ਇਸ ਨੂੰ ਦੇਸ਼ ਦੀ ਮੋਹਰੀ ਪ੍ਰਸ਼ਾਸਨਿਕ ਇਕਾਈ ਬਣਾਉਣ ਦੇ ਸੰਕਲਪ ਨੂੰ ਦੁਹਰਾਇਆ।

ਕੇਂਦਰੀ ਗ੍ਰਹਿ ਮੰਤਰੀ ਨੇ ਇਹ ਵੀ ਸੰਕੇਤ ਦਿੱਤਾ ਕਿ ਚੰਡੀਗੜ੍ਹ ਦੇ ਨਿਵਾਸੀਆਂ ਨਾਲ ਜੁੜੇ ਲੰਬੇ ਸਮੇਂ ਤੋਂ ਲੰਬਿਤ ਮੁੱਦਿਆਂ 'ਤੇ ਰਾਹਤ ਦਾ ਐਲਾਨ ਪ੍ਰਸ਼ਾਸਕ ਵੱਲੋਂ ਜਲਦੀ ਹੀ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਵਿੱਚੋਂ ਕੁਝ ਮਾਮਲੇ ਕਈ ਦਹਾਕਿਆਂ ਤੋਂ ਅਣਸੁਲਝੇ ਰਹੇ ਹਨ।

ਅਮਿਤ ਸ਼ਾਹ ਨੇ ਲਗਭਗ ?12 ਕਰੋੜ ਦੀ ਲਾਗਤ ਨਾਲ ਬਣੇ ਸਾਰੰਗਪੁਰ ਸਥਿਤ ਸਰਕਾਰੀ ਹਾਈ ਸਕੂਲ ਦਾ ਉਦਘਾਟਨ ਕੀਤਾ, ਜਿਸ ਨਾਲ ਖੇਤਰ ਵਿੱਚ ਸਰਕਾਰੀ ਸਕੂਲੀ ਸਿੱਖਿਆ ਦੀਆਂ ਸੁਵਿਧਾਵਾਂ ਦਾ ਵਿਸਤਾਰ ਹੋਵੇਗਾ। ਉਨ੍ਹਾਂ ਨੇ ਲਗਭਗ 68 ਕਰੋੜ ਦੀ ਲਾਗਤ ਨਾਲ ਵਿਕਸਿਤ ਰਾਏਪੁਰ ਕਲਾਂ ਸਥਿਤ ਚੰਡੀਗੜ੍ਹ ਟ੍ਰਾਂਸਪੋਰਟ ਅੰਡਰਟੇਕਿੰਗ ਡਿਪੂ-ਅਤੇ-ਵਰਕਸ਼ਾਪ ਦਾ ਵੀ ਉਦਘਾਟਨ ਕੀਤਾ, ਜਿਸ ਨਾਲ ਬੱਸਾਂ ਦੇ ਸੰਚਾਲਨ ਅਤੇ ਰੱਖ-ਰਖਾਅ ਦੀਆਂ ਸੁਵਿਧਾਵਾਂ ਨੂੰ ਮਜ਼ਬੂਤੀ ਮਿਲੇਗੀ।

ਕੇਂਦਰੀ ਗ੍ਰਹਿ ਮੰਤਰੀ ਨੇ ਨਿਮਨਲਿਖਤ ਸੱਤ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ:

1. ਚੰਡੀਗੜ੍ਹ ਆਰਮਡ ਪੁਲਿਸ ਕੰਪਲੈਕਸ, ਧਨਾਸ ਵਿਖੇ 192 ਟਾਇਪ-999 ਆਵਾਸ - ਲਗਭਗ 84 ਕਰੋੜ: ਇਸ ਪ੍ਰੋਜੈਕਟ ਨਾਲ ਪੁਲਿਸ ਕਰਮੀਆਂ ਲਈ ਰਿਹਾਇਸ਼ੀ ਸੁਵਿਧਾਵਾਂ ਦਾ ਵਿਸਤਾਰ ਹੋਵੇਗਾ।

2. ਪੀਜੀਆਈਐੱਮਈਆਰ ਅਤੇ ਪੰਜਾਬ ਯੂਨੀਵਰਸਿਟੀ ਨੂੰ ਜੋੜਨ ਵਾਲਾ ਪੈਦਲ ਯਾਤਰੀ ਸਬਵੇਅ - ਲਗਭਗ ?12 ਕਰੋੜ: ਇਹ ਸਬਵੇਅ ਵਿਅਸਤ ਸੜਕ ਦੇ ਪਾਰ ਦੋਹਾਂ ਸੰਸਥਾਵਾਂ ਦੇ ਦਰਮਿਆਨ ਪੈਦਲ ਯਾਤਰੀਆਂ ਦੀ ਸੁਰੱਖਿਅਤ ਆਵਾਜਾਈ ਸੁਨਿਸ਼ਚਿਤ ਕਰੇਗਾ।

3. ਚੰਡੀਗੜ੍ਹ ਕਾਲਜ ਆਵ ਇੰਜੀਨੀਅਰਿੰਗ ਐਂਡ ਟੈਕਨੋਲੋਜੀ, ਸੈਕਟਰ 26 ਵਿਖੇ ਲੜਕਿਆਂ ਦਾ ਹੋਸਟਲ — ਲਗਭਗ 25 ਕਰੋੜ: ਇਸ ਸੁਵਿਧਾ ਨਾਲ ਵਿਦਿਆਰਥੀਆਂ ਲਈ ਰਿਹਾਇਸ਼ੀ ਵਿਵਸਥਾ ਦਾ ਵਿਸਤਾਰ ਹੋਵੇਗਾ।

4. ਪੋਸਟ ਗ੍ਰੈਜੂਏਟ ਸਰਕਾਰੀ ਕਾਲਜ, ਸੈਕਟਰ 46 ਵਿਖੇ ਜਿਮਨੇਜ਼ੀਅਮ ਹਾਲ — ਲਗਭਗ 11 ਕਰੋੜ: ਇਸ ਪ੍ਰੋਜੈਕਟ ਨਾਲ ਇਨਡੋਰ ਖੇਡਾਂ ਅਤੇ ਸਰੀਰਕ ਤੰਦਰੁਸਤੀ ਲਈ ਸੁਵਿਧਾਵਾਂ ਨੂੰ ਮਜ਼ਬੂਤੀ ਮਿਲੇਗੀ।

5. ਸੈਕਟਰ 7 ਸਥਿਤ ਸਪੋਰਟਸ ਕੰਪਲੈਕਸ, ਦੀ ਅਪਗ੍ਰੇਡੇਸ਼ਨ — ਲਗਭਗ 20 ਕਰੋੜ: ਇਨ੍ਹਾਂ ਕਾਰਜਾਂ ਨਾਲ ਖੇਡ ਸਬੰਧੀ ਬੁਨਿਆਦੀ ਢਾਂਚੇ ਅਤੇ ਖਿਡਾਰੀਆਂ ਲਈ ਸੁਵਿਧਾਵਾਂ ਵਿੱਚ ਸੁਧਾਰ ਹੋਵੇਗਾ।

6. ਪੁਲਿਸ ਸਟੇਸ਼ਨ, ਸੈਕਟਰ 49 — ਲਗਭਗ 21 ਕਰੋੜ: ਨਵੇਂ ਭਵਨ ਨਾਲ ਪੁਲਿਸਿੰਗ ਅਤੇ ਜਨ ਸੇਵਾਵਾਂ ਲਈ ਬਿਹਤਰ ਸੁਵਿਧਾਵਾਂ ਉਪਲਬਧ ਹੋਣਗੀਆਂ।

7. ਪੰਦਰਾਂ ਸਥਾਈ ਸੁਰੱਖਿਆ ਜਾਂਚ ਚੌਕੀਆਂ —ਲਗਭਗ 5 ਕਰੋੜ: ਸ਼ਹਿਰ ਦੇ ਪ੍ਰਵੇਸ਼ ਦੁਆਰ ਅਤੇ ਸੀਮਾਵਰਤੀ ਸਥਾਨਾਂ 'ਤੇ ਬਣਨ ਵਾਲੀਆਂ ਇਹ ਸੁਵਿਧਾਵਾਂ ਸੁਰੱਖਿਆ ਵਿਵਸਥਾ ਨੂੰ ਮਜ਼ਬੂਤ ਕਰਨਗੀਆਂ। ਇਸ ਤੋਂ ਪਹਿਲਾਂ ਦਿਨ ਵਿੱਚ, ਕੇਂਦਰੀ ਗ੍ਰਹਿ ਮੰਤਰੀ ਨੇ ਸੈਕਟਰ 26 ਸਥਿਤ ਪੁਲਿਸ ਲਾਇਨਸ ਵਿਖੇ ਚੰਡੀਗੜ੍ਹ ਪੁਲਿਸ ਦੇ ਡਾਇਮੰਡ ਜੁਬਲੀ ਸਥਾਪਨਾ ਦਿਵਸ ਸਮਾਰੋਹ ਵਿੱਚ ਹਿੱਸਾ ਲਿਆ। ਇਸ ਅਵਸਰ 'ਤੇ ਉਨ੍ਹਾਂ ਨੇ ਪੁਲਿਸ ਫੋਰਸ ਨੂੰ ਪ੍ਰਤਿਸ਼ਠਿਤ 'ਪ੍ਰੈਜ਼ੀਡੈਂਟਸ ਕਲਰ' ਪ੍ਰਦਾਨ ਕੀਤਾ ਅਤੇ 141 ਨਵੇਂ ਪੁਲਿਸ ਵਾਹਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਉਨ੍ਹਾਂ ਨੇ ਇਸ ਸਨਮਾਨ ਨੂੰ ਛੇ ਦਹਾਕਿਆਂ ਦੀ ਸੇਵਾ, ਸਮਰਪਣ ਅਤੇ ਨਾਗਰਿਕਾਂ ਪ੍ਰਤੀ ਸੰਵੇਦਨਸ਼ੀਲਤਾ ਦੀ ਪਹਿਚਾਣ ਦੱਸਿਆ ਅਤੇ ਚੰਡੀਗੜ੍ਹ ਪੁਲਿਸ ਦੀਆਂ ਨਾਗਰਿਕ-ਕੇਂਦ੍ਰਿਤ ਪੁਲਿਸਿੰਗ ਪਹਿਲਾਂ ਦੀ ਸ਼ਲਾਘਾ ਕੀਤੀ।

ਪੰਜਾਬ 'ਚ ਨਸ਼ਿਆਂ ਤੇ ਲੁੱਟਾਂ ਖੋਹਾਂ ਕਾਰਨ ਡਰ ਦਾ ਮਾਹੌਲ : ਲਖਵੀਰ ਸਿੰਘ ਲੌਂਟ ਦਾ ਦੋਸ਼

ਪੈ.ਗਾਮ-ਏ-ਜਗਤ
ਪਟਿਆਲਾ, 2 ਨਵੰਬਰ
(ਪਰਮਜੀਤ ਸਿੰਘ ਪਰਵਾਨਾ)

ਪਿੰਡ ਲੰਗ ਵਿਖੇ ਭਾਈ ਭੀਮ ਸਿੰਘ ਲੰਗ ਦੇ ਘਰ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਮੀਟਿੰਗ ਮੁੱਖ ਸੇਵਾਦਾਰ ਹਲਕਾ ਪਟਿਆਲਾ ਦਿਹਾਤੀ ਭਾਈ ਲਖਵੀਰ ਸਿੰਘ ਲੌਂਟ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਲਖਵੀਰ ਸਿੰਘ ਲੌਂਟ ਨੇ ਕਿਹਾ ਕਿ ਪੰਜਾਬ ਵਿੱਚ ਵਿਗੜ ਰਹੀ ਅਮਨ ਕਾਨੂੰਨ ਦੀ ਸਥਿਤੀ ਨੇ ਲੋਕਾਂ ਦੇ ਮਨਾਂ ਵਿੱਚ ਡਰ ਪੈਦਾ ਕਰ ਦਿੱਤਾ ਹੈ।



ਉਨ੍ਹਾਂ ਲੋਕਾਂ ਦੀ ਜਾਨ ਮਾਲ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਨਸ਼ਿਆਂ ਦੇ ਕਾਰੋਬਾਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਨੱਥ ਪਾਉਣ ਵਿੱਚ ਕਥਿਤ ਤੌਰ 'ਤੇ ਨਾਕਾਮ ਰਹਿਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਜ਼ਿੰਮੇਵਾਰ ਹੈ। ਉਨ੍ਹਾਂ ਹੋਰ ਕਿਹਾ ਕਿ ਸੂਬੇ ਵਿੱਚ ਵਧ ਰਹੀ ਅਸੁਰੱਖਿਆ ਦਾ ਅਸਰ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ 'ਤੇ ਪੈ ਰਿਹਾ ਹੈ ਅਤੇ ਕਾਰੋਬਾਰੀਆਂ ਦਾ ਭਰੋਸਾ ਵੀ ਘੱਟ ਰਿਹਾ ਹੈ। ਪੰਜਾਬ ਵਿੱਚ ਕੋਈ ਵੀ ਕਾਰੋਬਾਰ ਕਰਨ ਲਈ ਤਿਆਰ ਨਹੀਂ ਹੈ ਕਿਉਂਕਿ ਪੰਜਾਬ ਵਿੱਚ ਨਸ਼ੇ, ਲੁੱਟਾਂ-ਖੋਹਾਂ ਤੇ ਰਿਸ਼ਵਤ ਖੋਰੀ ਦਾ ਬੋਲਬਾਲਾ ਹੈ।

ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਚੋਣਾਂ ਵਿੱਚ ਲੋਕ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਪਾਰਟੀ ਦੀ ਸਰਕਾਰ ਬਣਾਉਗੇ ਤਾਂ ਜੋ ਪੰਜਾਬ ਵਿੱਚ ਸ਼ਾਂਤੀ ਬਹਾਲ ਕੀਤੀ ਜਾ ਸਕੇ। ਇਸ ਮੌਕੇ ਭੀਮ ਸਿੰਘ ਲੰਗ ਕਾਰਜਕਾਰੀ ਮੈਂਬਰ ਜ਼ਿਲ੍ਹਾ ਪਟਿਆਲਾ, ਬਲਦੇਵ ਸਿੰਘ ਹੱਲੂ, ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਭੀਮ ਸਿੰਘ, ਸਤਪਾਲ ਸਿੰਘ, ਗੁਰਦੀਪ ਸਿੰਘ ਭਲਵਾਨ, ਗੁਰਸੇਵਕ ਸਿੰਘ, ਚਰਨਜੀਤ ਸਿੰਘ ਚੰਨੀ, ਗੁਰਸੇਵਕ ਸਿੰਘ, ਮਨਜੀਤ ਸਿੰਘ ਅਤੇ ਹਰਬੰਸ ਸਿੰਘ ਗਿਆਨੀ ਹਾਜ਼ਰ ਸਨ।

ਮੁੱਖ ਮੰਤਰੀ ਸੁਖ-ਆਸ਼ਰਯ ਯੋਜਨਾ ਨਾਲ ਸੁਨੀਲ ਨੇ ਕਾਰੋਬਾਰ ਨੂੰ ਦਿੱਤਾ ਹੁਲਾਰਾ, ਇੱਕ ਹੋਰ ਵਿਅਕਤੀ ਨੂੰ ਵੀ ਦਿੱਤਾ ਰੁਜ਼ਗਾਰ

ਊਨਾ, 1 ਨਵੰਬਰ
(ਪੈ.ਗਾਮ-ਏ-ਜਗਤ)

ਊਨਾ ਜ਼ਿਲ੍ਹੇ ਦੇ ਗਗਰੇਟ ਉਪਮੰਡਲ ਦੇ ਸ਼ਿਵਪੁਰ ਪਿੰਡ ਦੇ ਵਸਨੀਕ ਸੁਨੀਲ ਕੁਮਾਰ ਲਈ ਮੁੱਖ ਮੰਤਰੀ ਸੁਖ-ਆਸ਼ਰਯ ਯੋਜਨਾ ਵੱਡਾ ਸਹਾਰਾ ਸਾਬਤ ਹੋਈ ਹੈ। ਯੋਜਨਾ ਤਹਿਤ ਮਿਲੀ ਦੋ ਲੱਖ ਰੁਪਏ ਦੀ ਵਿੱਤੀ ਸਹਾਇਤਾ ਨਾਲ ਉਨ੍ਹਾਂ ਨੇ ਆਪਣੇ ਮੋਬਾਈਲ ਰਿਪੇਅਰਿੰਗ ਦੇ ਕਾਰੋਬਾਰ ਦਾ ਵਿਸਥਾਰ ਕੀਤਾ। ਸਾਲ 2020 ਵਿੱਚ ਇੱਕ ਛੋਟੇ ਜਿਹੇ ਖੋਖੇ ਤੋਂ ਸ਼ੁਰੂ ਹੋਇਆ ਉਨ੍ਹਾਂ ਦਾ ਕੰਮ ਅੱਜ ਦੁਕਾਨ ਤੱਕ ਪਹੁੰਚ ਚੁੱਕਾ ਹੈ। ਇੱਥੇ ਮੋਬਾਈਲ ਰਿਪੇਅਰਿੰਗ ਦੇ ਨਾਲ-ਨਾਲ ਐਕਸੈਸਰੀਜ਼, ਸਪੇਅਰ ਪਾਰਟਸ, ਲੈਪਟਾਪ ਨਾਲ ਸਬੰਧਤ ਕੰਮ ਅਤੇ ਫੋਟੋਸਟੇਟ ਦੀ ਸਹੂਲਤ ਵੀ ਉਪਲਬਧ ਹੈ। ਕਾਰੋਬਾਰ ਵਧਣ ਨਾਲ ਉਨ੍ਹਾਂ ਦੀ ਆਮਦਨ ਵਿੱਚ ਸੁਧਾਰ ਹੋਇਆ ਹੈ ਅਤੇ ਉਹ ਇੱਕ ਹੋਰ ਵਿਅਕਤੀ ਨੂੰ ਵੀ ਰੁਜ਼ਗਾਰ ਦੇ ਰਹੇ ਹਨ। ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਦੀ ਪਹਿਲਕਦਮੀ 'ਤੇ ਸ਼ੁਰੂ ਕੀਤੀ ਗਈ ਇਸ ਯੋਜਨਾ ਨੇ ਸੁਨੀਲ ਦੇ ਹੁਨਰ ਨੂੰ ਅੱਗੇ ਵਧਾਉਣ ਅਤੇ ਉਨ੍ਹਾਂ ਨੂੰ ਸਵੈ-ਰੁਜ਼ਗਾਰ ਤੋਂ ਰੁਜ਼ਗਾਰ ਪੈਦਾ ਕਰਨ ਦੇ ਪੜਾਅ ਤੱਕ ਪਹੁੰਚਾਉਣ ਵਿੱਚ ਮਦਦ ਕੀਤੀ ਹੈ।

ਮੁਸ਼ਕਲਾਂ ਦਰਮਿਆਨ ਸਿੱਖਿਆ ਹੁਨਰ

ਸੁਨੀਲ ਕੁਮਾਰ ਦੇ ਪਿਤਾ ਦਾ ਸਾਲ 2006 ਵਿੱਚ ਦੇਹਾਂਤ ਹੋ ਗਿਆ ਸੀ। ਉਨ੍ਹਾਂ ਦੀ ਮਾਤਾ ਨੇ ਸੀਮਤ ਸਾਧਨਾਂ ਵਿੱਚ ਪਰਿਵਾਰ ਦੀਆਂ ਜ਼ਿੰਮੇਵਾਰੀਆਂ ਸੰਭਾਲੀਆਂ। ਸੁਨੀਲ ਨੇ ਸਾਲ 2015 ਵਿੱਚ ਦਸਵੀਂ ਜਮਾਤ ਪਾਸ ਕੀਤੀ, ਪਰ ਆਰਥਿਕ ਹਾਲਾਤ ਕਾਰਨ ਉਹ ਅੱਗੇ ਪੜ੍ਹਾਈ ਜਾਰੀ ਨਹੀਂ ਰੱਖ ਸਕੇ। ਪਰਿਵਾਰ ਦੀ ਆਰਥਿਕ ਸਥਿਤੀ ਸੁਧਾਰਨ ਲਈ ਉਹ ਦਿੱਲੀ ਦੇ ਚਾਂਦਨੀ ਚੌਕ ਗਏ, ਜਿੱਥੇ ਉਨ੍ਹਾਂ ਨੇ ਮੋਬਾਈਲ ਰਿਪੇਅਰਿੰਗ ਦਾ ਕੰਮ ਸਿੱਖਿਆ ਅਤੇ ਇਸੇ ਹੁਨਰ ਨੂੰ ਆਪਣੀ ਰੋਜ਼ੀ-ਰੋਟੀ ਦਾ ਆਧਾਰ ਬਣਾਇਆ। ਸਾਲ 2019 ਵਿੱਚ ਮਾਤਾ ਦੇ ਦੇਹਾਂਤ ਤੋਂ ਬਾਅਦ ਉਨ੍ਹਾਂ ਸਾਹਮਣੇ ਚੁਣੌਤੀਆਂ ਹੋਰ ਵਧ ਗਈਆਂ, ਪਰ ਉਨ੍ਹਾਂ ਨੇ ਆਪਣੇ ਦਮ 'ਤੇ ਅੱਗੇ ਵਧਣ ਦੇ ਯਤਨ ਜਾਰੀ ਰੱਖੇ।

- ਦੋ ਲੱਖ ਰੁਪਏ ਦੀ ਵਿੱਤੀ ਸਹਾਇਤਾ ਨਾਲ ਮੋਬਾਈਲ ਰਿਪੇਅਰਿੰਗ ਦੇ ਕੰਮ ਦਾ ਕੀਤਾ ਵਿਸਥਾਰ, ਛੋਟੇ ਖੋਖੇ ਤੋਂ ਸ਼ੁਰੂ ਕੀਤਾ ਸੀ ਸਫ਼ਰ



ਖੋਖੇ ਤੋਂ ਸ਼ੁਰੂ ਹੋਇਆ ਕਾਰੋਬਾਰ, ਯੋਜਨਾ ਨਾਲ ਮਿਲਿਆ ਵਿਸਥਾਰ

ਸਾਲ 2020 ਵਿੱਚ ਸੁਨੀਲ ਨੇ ਆਪਣੇ ਸੀਮਤ ਸਾਧਨਾਂ ਨਾਲ ਇੱਕ ਛੋਟੇ ਜਿਹੇ ਖੋਖੇ ਵਿੱਚ ਮੋਬਾਈਲ ਰਿਪੇਅਰਿੰਗ ਦਾ ਕੰਮ ਸ਼ੁਰੂ ਕੀਤਾ। ਹੌਲੀ-ਹੌਲੀ ਕੰਮ ਵਧਣ ਲੱਗਾ, ਪਰ ਕਾਰੋਬਾਰ ਨੂੰ ਅੱਗੇ ਲਿਜਾਣ ਲਈ ਪੂੰਜੀ ਦੀ ਲੋੜ ਸੀ। ਇਸ ਦੌਰਾਨ ਉਨ੍ਹਾਂ ਨੂੰ ਮੁੱਖ ਮੰਤਰੀ ਸੁਖ-ਆਸ਼ਰਯ ਯੋਜਨਾ ਬਾਰੇ ਜਾਣਕਾਰੀ ਮਿਲੀ। ਉਨ੍ਹਾਂ ਨੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਰਾਹੀਂ ਸਹਾਇਤਾ ਲਈ ਅਰਜ਼ੀ ਦਿੱਤੀ।

ਵਿੱਤੀ ਸਾਲ 2025-26 ਵਿੱਚ ਯੋਜਨਾ ਤਹਿਤ ਉਨ੍ਹਾਂ ਨੂੰ ਦੋ ਲੱਖ ਰੁਪਏ ਦੀ ਵਿੱਤੀ ਸਹਾਇਤਾ ਮਨਜ਼ੂਰ ਕਰਕੇ ਪ੍ਰਦਾਨ ਕੀਤੀ ਗਈ। ਇਹ ਰਕਮ ਦੋ ਕਿਸ਼ਤਾਂ ਵਿੱਚ ਮਿਲੀ। ਪਹਿਲੀ ਕਿਸ਼ਤ ਵਿੱਚ 1.40 ਲੱਖ ਰੁਪਏ ਅਤੇ ਦੂਜੀ ਕਿਸ਼ਤ ਵਿੱਚ 60 ਹਜ਼ਾਰ ਰੁਪਏ ਦਿੱਤੇ ਗਏ। ਇਸ ਵਿੱਤੀ ਮਦਦ ਨਾਲ ਉਨ੍ਹਾਂ ਨੇ ਦੁਕਾਨ ਵਿੱਚ ਲੋੜੀਂਦੀਆਂ ਸਹੂਲਤਾਂ ਜੁਟਾਈਆਂ ਅਤੇ ਕਾਰੋਬਾਰ ਦਾ ਘੇਰਾ ਵਧਾਇਆ।

ਆਮਦਨ ਵਿੱਚ ਵਾਧਾ, ਇੱਕ ਹੋਰ ਵਿਅਕਤੀ ਨੂੰ ਵੀ ਦਿੱਤਾ ਰੁਜ਼ਗਾਰ

ਸੁਨੀਲ ਦੱਸਦੇ ਹਨ ਕਿ ਦੁਕਾਨ ਅਤੇ ਘਰ ਦਾ ਖਰਚਾ ਕੱਢਣ ਤੋਂ ਬਾਅਦ ਉਹ ਹਰ ਮਹੀਨੇ ਕਰੀਬ 10 ਤੋਂ 15 ਹਜ਼ਾਰ ਰੁਪਏ ਬਚਾ ਰਹੇ ਹਨ। ਉਨ੍ਹਾਂ ਨੇ ਦੁਕਾਨ 'ਤੇ ਇੱਕ ਹੋਰ ਵਿਅਕਤੀ ਨੂੰ ਵੀ ਰੁਜ਼ਗਾਰ ਦਿੱਤਾ ਹੈ। ਹੁਣ ਉਹ ਆਪਣੇ ਕਾਰੋਬਾਰ ਨੂੰ ਹੋਰ ਅੱਗੇ ਵਧਾਉਣਾ ਚਾਹੁੰਦੇ ਹਨ। ਭਵਿੱਖ ਵਿੱਚ ਦੁਕਾਨ ਦੇ ਨਾਲ ਲੋਕ ਮਿੱਤਰ ਕੇਂਦਰ ਅਤੇ ਡੀਜੇ ਨਾਲ ਸਬੰਧਤ ਕੰਮ ਸ਼ੁਰੂ ਕਰ

ਡਾ. ਰੇਨੂ ਸੁਥਾਰ ਨੂੰ IANCON 2026 ਵਿੱਚ ਵੱਕਾਰੀ ਡਾ. ਅਸ਼ੋਕ ਪਨਗੜੀਆ ਯੰਗ ਨਿਊਰੋਸਾਇੰਟਿਸਟ ਅਵਾਰਡ 2026 ਨਾਲ ਸਨਮਾਨਿਤ ਕੀਤਾ ਗਿਆ

ਚੰਡੀਗੜ੍ਹ, 2 ਨਵੰਬਰ
(ਪੈ.ਗਾਮ-ਏ-ਜਗਤ)

ਡਾ. ਰੇਨੂ ਸੁਥਾਰ, ਐਡੀਸ਼ਨਲ ਪ੍ਰੋਫੈਸਰ, ਪੀਡੀਆਟ੍ਰਿਕ ਨਿਊਰੋਲੋਜੀ ਯੂਨਿਟ, ਬਾਲ ਰੋਗ ਵਿਭਾਗ, ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈ), ਚੰਡੀਗੜ੍ਹ ਨੂੰ 29 ਅਕਤੂਬਰ ਤੋਂ 1 ਨਵੰਬਰ 2026 ਤੱਕ ਜੈਪੁਰ ਵਿੱਚ ਆਯੋਜਿਤ ਇੰਡੀਅਨ ਅਕੈਡਮੀ ਆਫ਼ ਨਿਊਰੋਲੋਜੀ ਦੇ 33ਵੇਂ ਸਾਲਾਨਾ ਸੈਸ਼ਨ ਵਿੱਚ ਵੱਕਾਰੀ ਡਾ. ਅਸ਼ੋਕ ਪਨਗੜੀਆ ਯੰਗ ਨਿਊਰੋਸਾਇੰਟਿਸਟ ਅਵਾਰਡ 2026 ਨਾਲ ਸਨਮਾਨਿਤ ਕੀਤਾ ਗਿਆ ਹੈ।

ਇਹ ਪੁਰਸਕਾਰ, ਪ੍ਰਸਿੱਧ ਨਿਊਰੋਲੋਜਿਸਟ ਅਤੇ ਪਦਮ ਸ਼੍ਰੀ ਪੁਰਸਕਾਰ ਜੇਤੂ ਪ੍ਰੋ. ਅਸ਼ੋਕ ਪਨਗੜੀਆ ਦੀ ਯਾਦ ਵਿੱਚ ਸਥਾਪਿਤ, ਭਾਰਤ ਵਿੱਚ ਨੌਜਵਾਨ ਨਿਊਰੋਲੋਜਿਸਟਾਂ ਦੁਆਰਾ ਸ਼ਾਨਦਾਰ ਖੋਜ ਯੋਗਦਾਨ ਨੂੰ ਮਾਨਤਾ ਦਿੰਦਾ ਹੈ। ਡਾ. ਸੁਥਾਰ ਨੂੰ ਪੀਡੀਆਟ੍ਰਿਕ ਨਿਊਰੋਲੋਜੀ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਇਹ ਮਾਨਤਾ ਮਿਲੀ। ਉਨ੍ਹਾਂ ਦੀ ਖੋਜ ਨਿਊਰੋਮਸਕੂਲਰ ਵਿਕਾਰਾਂ ਤੋਂ ਪ੍ਰਭਾਵਿਤ ਬੱਚਿਆਂ ਦੇ ਨਿਦਾਨ, ਕਲੀਨਿਕਲ ਦੇਖਭਾਲ ਅਤੇ ਇਲਾਜ ਦੇ ਨਤੀਜਿਆਂ ਵਿੱਚ ਸੁਧਾਰ 'ਤੇ ਕੇਂਦਰਿਤ ਹੈ। ਡਾ. ਸੁਥਾਰ ਨੇ ਪੀਜੀਆਈਐਮਈਆਰ ਚੰਡੀਗੜ੍ਹ ਤੋਂ ਬਾਲ ਰੋਗ ਵਿੱਚ ਐਮਡੀ ਅਤੇ ਪੀਡੀਆਟ੍ਰਿਕ ਨਿਊਰੋਲੋਜੀ ਵਿੱਚ ਡੀਐਮ ਪੂਰੀ ਕੀਤੀ ਹੈ। ਉਹ ਵਰਤਮਾਨ ਵਿੱਚ ਪੀਡੀਆਟ੍ਰਿਕ ਨਿਊਰੋਲੋਜੀ ਯੂਨਿਟ, ਬਾਲ ਰੋਗ ਵਿਭਾਗ, ਪੀਜੀਆਈ, ਚੰਡੀਗੜ੍ਹ ਵਿੱਚ ਐਡੀਸ਼ਨਲ ਪ੍ਰੋਫੈਸਰ ਵਜੋਂ ਕੰਮ ਕਰ ਰਹੀ ਹੈ। ਉਨ੍ਹਾਂ ਨੇ ਕਲੀਨਿਕਲ ਖੋਜ, ਮਲਟੀ-ਸੈਂਟਰਿਕ ਬਿਮਾਰੀ ਰਜਿਸਟਰੀਆਂ, ਜੀਨੋਟਾਈਪ-ਫੀਨੋਟਾਈਪ ਅਧਿਐਨਾਂ ਅਤੇ ਬਚਪਨ ਵਿੱਚ ਸ਼ੁਰੂ ਹੋਣ ਵਾਲੇ ਨਿਊਰੋਮਸਕੂਲਰ ਵਿਕਾਰਾਂ ਵਿੱਚ ਉੱਭਰ ਰਹੀਆਂ ਬਿਮਾਰੀ-ਸੋਧਣ ਵਾਲੀਆਂ ਥੈਰੇਪੀਆਂ ਦੇ ਮੁਲਾਂਕਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਬਚਪਨ ਦੇ ਨਿਊਰੋਮਸਕੂਲਰ ਵਿਕਾਰ 2500 ਵਿੱਚੋਂ ਇੱਕ ਬੱਚੇ ਨੂੰ ਪ੍ਰਭਾਵਿਤ ਕਰਦੇ ਹਨ, ਅਤੇ ਇਹਨਾਂ ਵਿੱਚੋਂ 95% ਬਿਮਾਰੀਆਂ ਦੀ ਸ਼ੁਰੂਆਤ ਬਚਪਨ ਵਿੱਚ ਹੁੰਦੀ ਹੈ। ਪ੍ਰਮੁੱਖ ਬਚਪਨ ਦੇ ਨਿਊਰੋਮਸਕੂਲਰ ਵਿਕਾਰਾਂ ਵਿੱਚ ਸਪਾਈਨਲ ਮਸਕੂਲਰ ਐਟ੍ਰੋਫੀ (ਐਸਐਮਏ), ਡੁਸ਼ੇਨ ਮਸਕੂਲਰ ਡਿਸਟ੍ਰੋਫੀ (ਡੀਐਮਡੀ), ਲਿੰਬ-ਗਰਡਲ ਮਸਕੂਲਰ ਡਿਸਟ੍ਰੋਫੀ, ਵਿਰਾਸਤੀ ਨਿਊਰੋਪੈਥੀਆਂ ਅਤੇ ਮਾਇਸਥੇਨੀਆ ਗ੍ਰੈਵਿਸ ਸ਼ਾਮਲ ਹਨ। ਉਨ੍ਹਾਂ ਦੇ ਖੋਜ ਕਾਰਜ ਵਿੱਚ ਡੁਸ਼ੇਨ ਮਸਕੂਲਰ ਡਿਸਟ੍ਰੋਫੀ



ਵਿੱਚ ਰੈਂਡਮਾਈਜ਼ਡ ਕੰਟਰੋਲਡ ਟ੍ਰਾਇਲ, ਸਪਾਈਨਲ ਮਸਕੂਲਰ ਐਟ੍ਰੋਫੀ ਵਾਲੇ ਬੱਚਿਆਂ ਦੇ ਲੰਬੇ ਸਮੇਂ ਦੇ ਨਤੀਜਿਆਂ 'ਤੇ ਰੀਅਲ-ਵਰਲਡ ਡੇਟਾ ਅਤੇ ਬੱਚਿਆਂ ਵਿੱਚ ਬਚਪਨ ਵਿੱਚ ਸ਼ੁਰੂ ਹੋਣ ਵਾਲੀ ਮਸਕੂਲਰ ਡਿਸਟ੍ਰੋਫੀ ਅਤੇ ਜਮਾਂਦਰੂ ਮਾਇਸਥੇਨਿਕ ਸਿੰਡਰੋਮ ਦੇ ਜੀਨੋਟਾਈਪ-ਫੀਨੋਟਾਈਪ ਸਬੰਧ ਸ਼ਾਮਲ ਹਨ। ਉਨ੍ਹਾਂ ਨੇ ਗੁਇਲੇਨ-ਬਾਰੇ ਸਿੰਡਰੋਮ ਵਰਗੇ ਤੀਬਰ ਨਿਊਰੋਮਸਕੂਲਰ ਵਿਕਾਰਾਂ ਵਾਲੇ ਬੱਚਿਆਂ ਅਤੇ ਬੱਚਿਆਂ ਵਿੱਚ ਕ੍ਰੋਨਿਕ ਇਨਫਲੇਮੇਟਰੀ ਡੀਮਾਈਲੀਨੇਟਿੰਗ ਨਿਊਰੋਪੈਥੀਆਂ ਦੇ ਇਲਾਜ ਅਤੇ ਪੁਨਰਵਾਸ ਨੂੰ ਸਮਝਣ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਇਆ ਹੈ।

ਉਨ੍ਹਾਂ ਦੇ ਕੰਮ ਦਾ ਉਦੇਸ਼ ਵਿਗਿਆਨਕ ਤਰੱਕੀ ਅਤੇ ਕਲੀਨਿਕਲ ਅਭਿਆਸ ਵਿਚਕਾਰ ਪਾੜੇ ਨੂੰ ਪੂਰਨਾ ਹੈ, ਜਿਸ ਵਿੱਚ ਬਚਪਨ ਦੇ ਨਿਊਰੋਮਸਕੂਲਰ ਵਿਕਾਰਾਂ ਲਈ ਦੇਖਭਾਲ ਦੇ ਮਿਆਰ ਵਿੱਚ ਸੁਧਾਰ, ਸਬੂਤ-ਅਧਾਰਤ ਬਿਮਾਰੀ-ਸੋਧਣ ਵਾਲੀ ਥੈਰੇਪੀ ਤੱਕ ਪਹੁੰਚ ਅਤੇ ਦੁਰਲੱਭ ਨਿਊਰੋਲੋਜੀਕਲ ਬਿਮਾਰੀਆਂ ਵਾਲੇ ਬੱਚਿਆਂ ਲਈ ਦੇਖਭਾਲ ਦਿਸ਼ਾ-ਨਿਰਦੇਸ਼ ਤਿਆਰ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ।

ਟਾਇਰਾਂ ਦੀ ਘਾਟ ਕਾਰਨ ਹਾਂਸੀ ਰੋਡਵੇਜ਼ ਡਿਪੂ ਵਿੱਚ ਹੁਣ ਕੋਈ ਬੱਸ ਖੜ੍ਹੀ ਨਹੀਂ ਰਹੇਗੀ: ਡੀਸੀ ਰਾਹੁਲ ਨਰਵਾਲ

ਰੋਡਵੇਜ਼ ਅਧਿਕਾਰੀਆਂ ਨਾਲ ਗੱਲਬਾਤ ਤੋਂ ਬਾਅਦ ਬੋਲੇ ਡੀਸੀ, ਟਾਇਰਾਂ ਦੀ ਖਰੀਦ ਦਾ ਵਰਕ ਆਰਡਰ ਜਾਰੀ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਡੀਸੀ ਰਾਹੁਲ ਨਰਵਾਲ ਨੇ ਕਿਹਾ ਕਿ ਹਾਂਸੀ ਰੋਡਵੇਜ਼ ਡਿਪੂ ਵਿੱਚ ਟਾਇਰਾਂ ਦੀ ਘਾਟ ਕਾਰਨ ਖੜ੍ਹੀਆਂ ਬੱਸਾਂ ਨੂੰ ਜਲਦੀ ਹੀ ਸੜਕਾਂ 'ਤੇ ਉਤਾਰਿਆ ਜਾਵੇਗਾ। ਇਸ ਸਬੰਧ ਵਿੱਚ ਰੋਡਵੇਜ਼ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ ਹੈ ਅਤੇ ਟਾਇਰਾਂ ਦੀ ਖਰੀਦ ਦਾ ਵਰਕ ਆਰਡਰ ਜਾਰੀ ਹੋ ਚੁੱਕਾ ਹੈ। ਜਲਦੀ ਹੀ ਡਿਪੂ ਦੀਆਂ ਸਾਰੀਆਂ ਬੱਸਾਂ ਨਿਰਧਾਰਤ ਰੂਟਾਂ 'ਤੇ ਚੱਲਣ ਲੱਗਣਗੀਆਂ।



ਡੀਸੀ ਸੋਮਵਾਰ ਨੂੰ ਜ਼ਿਲ੍ਹਾ ਸਕੱਤਰੇਤ ਕੰਪਲੈਕਸ ਵਿੱਚ ਆਯੋਜਿਤ ਸਮਾਧਾਨ ਕੈਂਪ ਵਿੱਚ ਨਾਗਰਿਕਾਂ ਦੀਆਂ ਸਮੱਸਿਆਵਾਂ ਸੁਣ ਰਹੇ ਸਨ। ਉਨ੍ਹਾਂ ਨੇ ਰੋਡਵੇਜ਼ ਅਧਿਕਾਰੀਆਂ ਨੂੰ ਬੱਸਾਂ ਦੇ ਨਿਯਮਤ ਅਤੇ ਸਮੇਂ ਸਿਰ ਸੰਚਾਲਨ ਲਈ ਪ੍ਰਭਾਵਸ਼ਾਲੀ ਕਾਰਜ ਯੋਜਨਾ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕਿਸੇ ਵੀ ਰੂਟ 'ਤੇ ਬੱਸਾਂ ਦੀ ਘਾਟ ਕਾਰਨ ਯਾਤਰੀਆਂ ਨੂੰ ਪਰੇਸ਼ਾਨੀ ਨਹੀਂ ਹੋਣੀ ਚਾਹੀਦੀ। ਜਨਤਕ ਆਵਾਜਾਈ ਆਮ ਲੋਕਾਂ ਦੀ ਸਹੂਲਤ ਨਾਲ ਜੁੜੀ ਹੈ, ਇਸ ਲਈ ਬੱਸਾਂ ਦਾ ਸੰਚਾਲਨ ਤਰਜੀਹ ਦੇ ਆਧਾਰ 'ਤੇ ਯਕੀਨੀ ਬਣਾਇਆ ਜਾਵੇ।

ਸਮਾਧਾਨ ਕੈਂਪ ਵਿੱਚ ਡੀਸੀ ਨੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸ਼ਿਕਾਇਤਾਂ 'ਤੇ ਸੁਣਵਾਈ ਕਰਦਿਆਂ ਅਧਿਕਾਰੀਆਂ ਨੂੰ ਉਨ੍ਹਾਂ ਦਾ ਤਰਜੀਹ ਦੇ ਆਧਾਰ 'ਤੇ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਪਰਿਵਾਰ ਪਹਿਚਾਣ ਪੱਤਰ (ਪੀਪੀਪੀ) ਵਿੱਚ ਆਮਦਨ ਸਬੰਧੀ ਗਲਤੀਆਂ ਨੂੰ ਤੁਰੰਤ ਠੀਕ ਕਰਨ ਲਈ ਵੀ ਕਿਹਾ, ਤਾਂ ਜੋ ਯੋਗ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਮਿਲ ਸਕੇ।

ਗੁਰਾਣਾ ਪਿੰਡ ਵਾਸੀ ਰਮੇਸ਼ ਨੇ ਦਿਵਿਆਂਗ ਪੈਨਸ਼ਨ ਬਣਵਾਉਣ ਦੀ ਮੰਗ ਰੱਖੀ।

ਡੀਸੀ ਨੇ ਸਬੰਧਤ ਅਧਿਕਾਰੀਆਂ ਨੂੰ ਦਸਤਾਵੇਜ਼ਾਂ ਦੀ ਜਾਂਚ ਕਰ ਯੋਗਤਾ ਪੂਰੀ ਹੋਣ 'ਤੇ ਪੈਨਸ਼ਨ ਪ੍ਰਕਿਰਿਆ ਜਲਦੀ ਪੂਰੀ ਕਰਨ ਦੇ ਨਿਰਦੇਸ਼ ਦਿੱਤੇ। ਢਾਣਾ ਖੁਰਦ ਵਾਸੀ ਸੋਮਵੀਰ ਨੇ ਪੈਨਸ਼ਨ ਦੁਬਾਰਾ ਸ਼ੁਰੂ ਕਰਵਾਉਣ ਦੀ ਅਰਜ਼ੀ ਦਿੱਤੀ। ਇਸ 'ਤੇ ਡੀਸੀ ਨੇ ਪੈਨਸ਼ਨ ਬੰਦ ਹੋਣ ਦਾ ਕਾਰਨ ਜਾਂਚਣ ਅਤੇ ਕਿਸੇ ਗਲਤੀ ਜਾਂ ਤਕਨੀਕੀ ਸਮੱਸਿਆ ਕਾਰਨ ਪੈਨਸ਼ਨ ਰੁਕੀ ਹੋਣ 'ਤੇ ਉਸ ਨੂੰ ਠੀਕ ਕਰ ਯੋਗਤਾ ਅਨੁਸਾਰ ਦੁਬਾਰਾ ਸ਼ੁਰੂ ਕਰਵਾਉਣ ਲਈ ਕਿਹਾ।

ਕੈਂਪ ਵਿੱਚ ਪਰਿਵਾਰ ਪਹਿਚਾਣ ਪੱਤਰ ਵਿੱਚ ਆਮਦਨ ਘੱਟ ਕਰਵਾਉਣ, ਬੁਢਾਪਾ ਪੈਨਸ਼ਨ, ਬੀਪੀਐਲ ਰਾਸ਼ਨ ਕਾਰਡ, ਜਮਾਬੰਦੀ ਅਤੇ ਨਾਂ ਵਿੱਚ ਸੁਧਾਰ ਸਹਿਤ ਹੋਰ ਸਮੱਸਿਆਵਾਂ ਵੀ ਰੱਖੀਆਂ ਗਈਆਂ। ਡੀਸੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਿਕਾਇਤਾਂ 'ਤੇ ਗੰਭੀਰਤਾ ਨਾਲ ਕਾਰਵਾਈ ਹੋਵੇ ਅਤੇ ਲੋਕਾਂ ਨੂੰ ਬੇਲੋੜੇ ਤੌਰ 'ਤੇ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ। ਇਸ ਮੌਕੇ 'ਤੇ ਸੀਟੀਐਮ ਹਿਮਾਂਸ਼ੂ ਚੌਹਾਨ, ਤਹਿਸੀਲਦਾਰ ਡਾ. ਅਨਿਲ ਕੁਮਾਰ ਬਿਛਾਨ, ਟੀਐਮ ਨਰੇਸ਼ ਯਾਦਵ, ਓਮਪਾਲ ਯਾਦਵ, ਵਜ਼ੀਰ ਸਿੰਘ ਸਹਿਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹੇ।

ਪੰਜਵਾਂ ਕ੍ਰਿਸ਼ਨਾ ਰਾਣੀ ਮਿੱਤਲ ਯਾਦਗਾਰੀ ਹਾਸ-ਵਿਅੰਗ ਪੁਰਸਕਾਰ-2026 ਲਖਵੀਰ ਸਿੰਘ ਭੱਟੀ ਨੂੰ

ਬਠਿੰਡਾ (ਪੈ.ਗਾਮ-ਏ-ਜਗਤ)

'ਬਾਰੂ ਰਾਮ ਮੈਮੋਰੀਅਲ ਸ਼ਬਦ ਤ੍ਰਿੰਜਣ ਵੈਲਫੇਅਰ ਅਤੇ ਕਲਚਰਲ ਸੁਸਾਇਟੀ (ਰਜਿ.) ਬਠਿੰਡਾ' ਵੱਲੋਂ, ਪ੍ਰਧਾਨ ਮੰਗਤ ਕੁਲਜਿੰਦ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ 'ਪੰਜਵਾਂ ਕ੍ਰਿਸ਼ਨਾ ਰਾਣੀ ਮਿੱਤਲ ਯਾਦਗਾਰੀ ਹਾਸ-ਵਿਅੰਗ ਪੁਰਸਕਾਰ-2026' ਉੱਘੇ ਪੰਜਾਬੀ ਵਿਅੰਗਕਾਰ ਸ਼?ਰੀ ਲਖਵੀਰ ਸਿੰਘ ਭੱਟੀ ਨੂੰ ਦੇਣ ਦਾ ਫੈਸਲਾ ਲਿਆ ਗਿਆ ਹੈ। ਨਵੰਬਰ ਮਹੀਨੇ ਵਿੱਚ ਬਠਿੰਡਾ ਵਿਖੇ ਹੋਣ ਜਾ ਰਹੇ ਸਨਮਾਨ-ਸਮਾਰੋਹ ਵਿੱਚ ਉਹਨਾਂ ਨੂੰ ਇਹ ਐਵਾਰਡ ਪ੍ਰਦਾਨ ਕੀਤਾ ਜਾਵੇਗਾ। ਇਸ ਸਮਾਗਮ ਵਿੱਚ ਪੰਜਾਬੀ ਹਾਸ ਵਿਅੰਗ ਨੂੰ ਸਮਰਪਿਤ ਲੇਖਕ ਅਤੇ ਇਲਾਕੇ ਦੇ ਸਾਹਿਤਕਾਰ ਸ਼ਿਰਕਤ ਕਰਨਗੇ। ਸੁਸਾਇਟੀ ਦੇ ਸੀ.ਮੀਤ ਪ੍ਰਧਾਨ ਜਗਦੀਸ਼ ਰਾਏ ਕੁਲਰੀਆਂ, ਮੀਤ ਪ੍ਰਧਾਨ ਅਮਰਜੀਤ ਸਿੰਘ ਪੇਂਟਰ, ਸਕੱਤਰ ਸੁਖਦਰਸ਼ਨ ਗਰਗ ਅਤੇ ਰਮੇਸ਼ ਗਰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬੀ ਹਾਸ ਵਿਅੰਗ ਨੂੰ ਉਤਸ਼ਾਹਿਤ ਕਰਨ ਹਿੱਤ ਇਹ ਪੁਰਸਕਾਰ, ਸ਼ਬਦ ਤ੍ਰਿੰਜਣ ਮੈਗਜ਼ੀਨ ਦੀ ਬਾਨੀ ਸੰਪਾਦਿਕਾ ਸ਼੍ਰੀਮਤੀ ਕ੍ਰਿਸ਼ਨਾ ਰਾਣੀ ਮਿੱਤਲ ਦੀ ਯਾਦ ਨੂੰ ਸਮਰਪਿਤ, ਸਾਲ 2022 ਵਿੱਚ ਆਰੰਭ ਕੀਤਾ ਗਿਆ ਸੀ ਜੋ ਕਿ ਆਏ ਸਾਲ ਕਿਸੇ ਸਥਾਪਿਤ ਜਾਂ ਉੱਭਰ ਰਹੇ ਪੰਜਾਬੀ ਵਿਅੰਗਕਾਰ ਨੂੰ ਦਿੱਤਾ ਜਾਂਦਾ ਹੈ।

ਫੈਕਟਰੀ ਤੋਂ ਟੂੱਲੂ ਪੰਪ ਚੋਰੀ ਕਰਨ ਦੇ ਮਾਮਲੇ ਵਿੱਚ ਕਰਨਾਲ ਪੁਲਿਸ ਦੀ ਕਾਰਵਾਈ, ਦੋ ਮੁਲਜ਼ਮ ਗ੍ਰਿਫ਼ਤਾਰ

ਪੈ.ਗਾਮ-ਏ-ਜਗਤ/ਕਰਨਾਲ/02 ਨਵੰਬਰ (ਪ੍ਰਵੀਨ ਵਾਲੀਆ)

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਪੁਲਿਸ ਕਪਤਾਨ ਕਰਨਾਲ ਸ਼੍ਰੀ ਕਰਨ ਗੋਇਲ, ਆਈਪੀਐਸ ਦੇ ਕੁਸ਼ਲ ਮਾਰਗਦਰਸ਼ਨ ਅਤੇ ਦਿਸ਼ਾ-ਨਿਰਦੇਸ਼ਨ ਵਿੱਚ ਚੋਰੀ ਦੀਆਂ ਵਾਰਦਾਤਾਂ 'ਤੇ ਰੋਕ ਲਗਾਉਣ ਅਤੇ ਮੁਲਜ਼ਮਾਂ ਦੀ ਧਰਪਕੜ ਲਈ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਵਿੱਚ ਥਾਣਾ ਕੁੰਜਪੁਰਾ ਪ੍ਰਬੰਧਕ ਇੰਸਪੈਕਟਰ ਸੁਰਿੰਦਰ ਕੁਮਾਰ ਦੀ ਅਗਵਾਈ ਵਿੱਚ ਮੁੱਖ ਸਿਪਾਹੀ ਨਰੇਸ਼ ਕੁਮਾਰ ਦੀ ਟੀਮ ਨੇ ਫੈਕਟਰੀ ਤੋਂ ਟੂੱਲੂ ਪੰਪ ਮੋਟਰ ਚੋਰੀ ਕਰਨ ਦੇ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧ ਵਿੱਚ ਜਾਂਚ ਅਧਿਕਾਰੀ ਨੇ ਦੱਸਿਆ ਕਿ ਵਿਜੇ ਉੱਪਲ ਵਾਸੀ ਕਰਨਾਲ ਨੇ ਪੁਲਿਸ ਨੂੰ ਸ਼ਿਕਾਇਤ ਦਿੱਤੀ ਸੀ ਕਿ ਉਨ੍ਹਾਂ ਦੀ ਫੈਕਟਰੀ ਮੀਨਾ ਪਲਸ ਦੀ ਪਾਰਕਿੰਗ ਦੇ ਨਾਲ ਪਾਵਰ ਹਾਊਸ ਦੇ ਸਾਹਮਣੇ ਸਥਿਤ ਹੈ, ਜਿੱਥੇ ਪੰਪ ਅਤੇ ਮੋਟਰ ਬਣਾਉਣ ਦਾ ਕੰਮ ਕੀਤਾ ਜਾਂਦਾ ਹੈ। ਮਿਤੀ 30 ਅਕਤੂਬਰ 2026 ਦੀ ਰਾਤ ਨੂੰ ਅਣਪਛਾਤੇ ਵਿਅਕਤੀ ਫੈਕਟਰੀ ਦੀ ਖਿੜਕੀ ਤੋੜ ਕੇ ਅੰਦਰ ਵੜੇ ਅਤੇ ਉੱਥੋਂ ਪੰਪ ਚੋਰੀ ਕਰਕੇ ਲੈ ਗਏ। ਸ਼ਿਕਾਇਤ ਦੇ ਆਧਾਰ 'ਤੇ ਥਾਣਾ ਕੁੰਜਪੁਰਾ ਵਿੱਚ ਮਿਤੀ 31 ਅਕਤੂਬਰ 2026 ਨੂੰ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ। ਪੁਲਿਸ ਨੇ ਸ਼ਿਕਾਇਤ ਦੇ ਆਧਾਰ 'ਤੇ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਦਿਆਂ ਫੈਕਟਰੀ ਦੇ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਸਹਾਇਤਾ ਨਾਲ ਜਾਂਚ ਕੀਤੀ ਅਤੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ।

ਖੇਡ ਦੇ ਮੈਦਾਨ ਵਿੱਚ ਗੂੰਜਿਆ ਨਸ਼ੇ ਵਿਰੁੱਧ ਸੁਨੇਹਾ, ਐਸ.ਪੀ. ਹਾਂਸੀ ਵਿਨੋਦ ਕੁਮਾਰ ਨੇ ਖਿਡਾਰੀਆਂ ਅਤੇ ਪਿੰਡ ਵਾਸੀਆਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ

- ਮਿੰਨੀ ਸਟੇਡੀਅਮ ਗੜ੍ਹੀ ਵਿੱਚ ਹਾਂਸੀ ਪੁਲਿਸ ਨੇ ਕਰਵਾਏ ਕਬੱਡੀ ਅਤੇ ਰੱਸਾਕਸ਼ੀ ਮੁਕਾਬਲਿਆਂ ਦਾ ਆਯੋਜਨ, ਨੌਜਵਾਨਾਂ ਨੂੰ ਖੇਡਾਂ ਨਾਲ ਜੁੜ ਕੇ ਸਿਹਤਮੰਦ ਜੀਵਨ ਅਪਣਾਉਣ ਦਾ ਦਿੱਤਾ ਸੁਨੇਹਾ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਪੁਲਿਸ ਕਪਤਾਨ ਹਾਂਸੀ ਵਿਨੋਦ ਕੁਮਾਰ ਨੇ ਮਿੰਨੀ ਸਟੇਡੀਅਮ ਗੜ੍ਹੀ ਪਹੁੰਚ ਕੇ ਪਿੰਡ ਵਾਸੀਆਂ, ਖਿਡਾਰੀਆਂ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ। ਇਸ ਦੌਰਾਨ ਹਾਂਸੀ ਪੁਲਿਸ ਵੱਲੋਂ ਕਬੱਡੀ ਅਤੇ ਰੱਸਾਕਸ਼ੀ ਮੁਕਾਬਲਿਆਂ ਦਾ ਆਯੋਜਨ ਕਰਵਾਇਆ ਗਿਆ, ਤਾਂ ਜੋ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰ ਉਨ੍ਹਾਂ ਨੂੰ ਨਸ਼ੇ ਵਰਗੀ ਬੁਰਾਈ ਤੋਂ ਦੂਰ ਰਹਿਣ ਦਾ ਸਕਾਰਾਤਮਕ ਸੁਨੇਹਾ ਦਿੱਤਾ ਜਾ ਸਕੇ। ਪ੍ਰੋਗਰਾਮ ਵਿੱਚ ਪਹੁੰਚਣ 'ਤੇ ਪਿੰਡ ਵਾਸੀਆਂ ਨੇ ਪੁਲਿਸ ਕਪਤਾਨ ਵਿਨੋਦ ਕੁਮਾਰ ਦਾ ਗੁਲਦਸਤਾ ਭੇਟ ਕਰ ਸਵਾਗਤ ਕੀਤਾ।



ਐਸਪੀ ਨੇ ਖੇਡ ਮੁਕਾਬਲਿਆਂ ਦਾ ਸ਼ੁਭਾਰੰਭ ਕੀਤਾ ਅਤੇ ਖਿਡਾਰੀਆਂ ਵਿੱਚ ਪਹੁੰਚ ਕੇ ਉਨ੍ਹਾਂ ਦਾ ਹੌਸਲਾ ਵਧਾਇਆ। ਮੁਕਾਬਲੇ ਦੌਰਾਨ ਲੜਕਿਆਂ ਦੀਆਂ ਕਬੱਡੀ ਟੀਮਾਂ ਵਿੱਚ ਪਿੰਡ ਮਹਿੰਦਾ ਅਤੇ ਗੜ੍ਹੀ ਦਾ ਮੁਕਾਬਲਾ ਹੋਇਆ, ਜਿਸ ਵਿੱਚ ਪਿੰਡ ਮਹਿੰਦਾ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ। ਜਦੋਂ ਕਿ ਲੜਕੀਆਂ ਦੀ ਕਬੱਡੀ ਮੁਕਾਬਲੇ ਵਿੱਚ ਪਿੰਡ ਗੜ੍ਹੀ ਦੀ ਟੀਮ ਜੇਤੂ ਰਹੀ। ਇਸ ਤੋਂ ਇਲਾਵਾ ਰੱਸਾਕਸ਼ੀ ਮੁਕਾਬਲੇ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ 'ਤੇ ਪੁਲਿਸ ਕਪਤਾਨ ਵਿਨੋਦ ਕੁਮਾਰ ਨੇ ਕਿਹਾ ਕਿ ਨੌਜਵਾਨ ਦੇਸ਼ ਅਤੇ ਸਮਾਜ ਦਾ ਭਵਿੱਖ ਹਨ। ਨਸ਼ਾ ਨੌਜਵਾਨਾਂ ਦੀ ਪ੍ਰਤਿਭਾ, ਸਿਹਤ ਅਤੇ ਭਵਿੱਖ ਨੂੰ ਬਰਬਾਦ ਕਰਦਾ ਹੈ, ਜ

ਪਿੰਡ ਤਾਜਪੁਰਾ, ਥਾਨਾ ਗੋਬਿੰਦਗੜ੍ਹ ਅਤੇ ਸਲੇਮਪੁਰ ਖੁਰਦ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਗਈ

ਮਾਜਰੀ (ਸਾਹਿਬਜ਼ਾਦਾ ਅਜੀਤ ਸਿੰਘ ਨਗਰ) 02 ਨਵੰਬਰ, (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਉਪਰਾਲੇ ਤਹਿਤ ਲੋਕਾਂ ਨੂੰ ਉਨ੍ਹਾਂ ਦੇ ਜੀਵਨ, ਸਿੱਖਿਆਵਾਂ ਅਤੇ ਸਮਾਜਿਕ ਬਰਾਬਰਤਾ ਦੇ ਸੰਦੇਸ਼ ਤੋਂ ਜਾਣੂ ਕਰਵਾਉਣ ਲਈ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਫ਼?ਲਮ ਐੱਲ.ਈ.ਡੀ. ਸਕਰੀਨ ਰਾਹੀਂ ਦਿਖਾਈ ਜਾ ਰਹੀ ਹੈ। ਇਸੇ ਲੜੀ ਤਹਿਤ ਮਾਜਰੀ ਬਲਾਕ ਦੇ ਪਿੰਡ ਤਾਜਪੁਰਾ, ਥਾਨਾ ਗੋਬਿੰਦਗੜ੍ਹ ਅਤੇ ਸਲੇਮਪੁਰ ਖੁਰਦ ਵਿਖੇ ਇਹ ਡਾਕੂਮੈਂਟਰੀ ਦਿਖਾਈ ਗਈ।



ਉੱਪ ਮੰਡਲ ਮੈਜਿਸਟ੍ਰੇਟ, ਖਰੜ ਸ੍ਰੀ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਦਾ ਇਹ ਉਪਰਾਲਾ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਫ਼ਲਸਫ਼ੇ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਉਨ੍ਹਾਂ ਵੱਲੋਂ ਦਿੱਤੇ ਸਮਾਨਤਾ, ਭਾਈਚਾਰਕ ਸਾਂਝ, ਮਾਨਵਤਾ ਅਤੇ ਸਮਾਜਿਕ ਸਦਭਾਵਨਾ ਦੇ ਸੰਦੇਸ਼ ਨੂੰ ਪ੍ਰਚਾਰਿਤ ਕਰਨ ਲਈ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਆਪਣੀ ਬਾਣੀ ਅਤੇ ਸਿੱਖਿਆਵਾਂ ਰਾਹੀਂ ਸਮਾਜ ਵਿੱਚੋਂ ਜਾਤ-ਪਾਤ, ਵਿਤਕਰੇ ਅਤੇ ਊਚ-ਨੀਚ ਦੀਆਂ ਭਾਵਨਾਵਾਂ ਨੂੰ ਖ਼ਤਮ ਕਰਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਬਰਾਬਰਤਾ, ਆਪਸੀ ਸਤਿਕਾਰ ਅਤੇ ਮਿਲਵਰਤਨ ਨਾਲ ਰਹਿਣ ਦੀ ਪ੍ਰੇਰਨਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਰਾਹੀਂ ਨਵੀਂ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਮਹਾਨ ਜੀਵਨ, ਵਿਚਾਰਧਾਰਾ ਅਤੇ ਸਮਾਜ ਸੁਧਾਰ ਵਿੱਚ ਪਾਏ ਯੋਗਦਾਨ ਬਾਰੇ ਜਾਣੂ ਕਰਵਾਉਣ ਵਿੱਚ ਮਦਦ ਮਿਲਦੀ ਹੈ। ਪੰਜਾਬ ਸਰਕਾਰ ਵੱਲੋਂ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤੇ ਜਾ ਰਹੇ ਇਹ ਪ੍ਰੋਗਰਾਮ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।

ਸ਼੍ਰੀ ਰਾਮ ਆਰੀਆਂ ਸਕੂਲ ਵਿਖੇ ਅੰਤਰ ਹਾਊਸ ਕੁਇਜ਼ ਮੁਕਾਬਲੇ ਕਰਵਾਏ

ਚੰਡੀਗੜ੍ਹ, 2 ਨਵੰਬਰ (ਪੈ.ਗਾਮ-ਏ-ਜਗਤ)

ਵਿਦਿਆਰਥੀਆਂ ਨੂੰ ਸਾਇੰਸ ਵਿਗਿਆਨ ਟੈਕਨਾਲੋਜੀ ਪੰਜਾਬੀ ਤੋਂ ਇਲਾਵਾ ਸ਼੍ਰੀ ਰਮਾਇਣ ਮਹਾਂਭਾਰਤ ਭਗਵਾਨ ਸ਼੍ਰੀ ਰਾਮ ਚੰਦਰ ਜੀ ਭਗਵਾਨ ਸ਼੍ਰੀ ਕ੍ਰਿਸ਼ਨ ਜੀ ਅਤੇ ਗੁਰੂਆਂ ਬਾਰੇ ਜਾਣਕਾਰੀ ਦੇਣ ਲਈ ਪ੍ਰਿੰਸੀਪਲ ਸ਼੍ਰੀ ਪ੍ਰਦੀਪ ਬਾਂਸਲ ਦੀ ਅਗਵਾਈ ਹੇਠ ਜੂਨੀਅਰ ਅਤੇ ਸੀਨੀਅਰ ਗਰੁੱਪਾਂ ਵਿਚ ਮੁਕਾਬਲੇ ਕਰਵਾਏ। ਜਿਸ ਹਿੱਤ ਸ਼੍ਰੀਮਤੀ ਗੀਤਿਕਾ ਮਲਹੋਤਰਾ, ਸ੍ਰੀਮਤੀ ਗੀਤੂ ਦਿਵਾਨ, ਸ਼੍ਰੀ ਸੰਜੀਵ ਕੁਮਾਰ ਅਤੇ ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਵਲੋਂ ਪ੍ਰਸ਼ਨ ਪੁੱਛੇ ਅਤੇ ਉਨ੍ਹਾਂ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਪ੍ਰਿੰਸੀਪਲ ਨੇ ਦੱਸਿਆ ਕਿ ਜੂਨੀਅਰ ਗਰੁੱਪ ਵਿੱਚ ਟੈਗੋਰ ਹਾਊਸ ਅਤੇ ਸ਼ਰਧਾ ਨੰਦ ਹਾਊਸ ਪਹਿਲੇ ਦੂਜੇ ਨੰਬਰ ਤੇ ਰਹੇ ਜਦਕਿ ਸੀਨੀਅਰ ਗਰੁੱਪ ਵਿੱਚ ਵਿਵੇਕਾਨੰਦ ਹਾਊਸ ਅਤੇ ਟੈਗੋਰ ਹਾਊਸ ਦੀਆਂ ਟੀਮਾਂ ਪਹਿਲੇ, ਦੂਜੇ ਨੰਬਰ ਤੇ ਰਹੀਆਂ।



ਮੁਕਾਬਲਿਆਂ ਵਿੱਚ ਸਰਵੋਤਮ ਇਨਾਮ ਜਿੱਤਣ ਲਈ ਟੈਗੋਰ ਹਾਊਸ ਦੇ ਇੰਚਾਰਜ ਸ਼੍ਰੀਮਤੀ ਗੀਤੂ ਦਿਵਾਨ ਨੂੰ ਟਰਾਫੀ ਦੇਕੇ ਪ੍ਰਿੰਸੀਪਲ ਵਲੋਂ ਸਨਮਾਨਿਤ ਕੀਤਾ ਗਿਆ।

ਜਿੱਤਣ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪੈਨ ਦੇਕੇ ਸਨਮਾਨਿਤ ਕੀਤਾ ਗਿਆ। ਗੀਤਿਕਾ ਮਲਹੋਤਰਾ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਰਾਹੀਂ ਵਿਦਿਆਰਥੀਆਂ ਨੂੰ ਇਨ੍ਹਾਂ ਵਿਸ਼ਿਆਂ ਬਾਰੇ ਭਰਪੂਰ ਜਾਣਕਾਰੀ ਦਿੱਤੀ ਗਈ ਹੈ। ਸ਼੍ਰੀ ਕਾਕਾ ਰਾਮ ਵਰਮਾ ਨੇ ਪ੍ਰਸੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਣ ਸਮਝਣ ਸਖ਼ਤ ਮਿਹਨਤ ਕਰਨ ਅਤੇ ਅਨੁਸ਼ਾਸਨ ਆਗਿਆ ਪਾਲਣ ਨਿਮਰਤਾ ਸ਼ਹਿਣਸ਼ੀਲਤਾ ਸੰਸਕਾਰਾਂ ਮਰਿਆਦਾਵਾਂ ਫਰਜ਼ਾਂ ਦੀਆਂ ਭਾਵਨਾਵਾਂ ਵਿਚਾਰ ਦਿੰਦੇ ਹਨ।

ਵਾਤਾਵਰਨ ਸੰਭਾਲ ਸੁਸਾਇਟੀ ਨੇ ਬੱਚਿਆਂ ਨੂੰ ਗ੍ਰੀਨ ਦਿਵਾਲੀ ਮਨਾਉਣ ਲਈ ਕੀਤਾ ਪ੍ਰੇਰਿਤ

ਪੈ.ਗਾਮ-ਏ-ਜਗਤ ਨਵਾਂਸ਼ਹਿਰ (ਦੇਸ ਰਾਜ ਬਾਲੀ)

ਸ਼ਹਿਰ ਦੀ ਨਾਮੀ ਸਮਾਜ ਸੇਵੀ ਤੇ ਰਜਿ: ਸੰਸਥਾ ਵਾਤਾਵਰਨ ਸੰਭਾਲ ਸੋਸਾਇਟੀ ਨੇ ਅੱਜ ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੰਗੜੋਆ ਵਿਖੇ ਬੱਚਿਆਂ ਨੂੰ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਅਤੇ ਗਰੀਨ ਦਿਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਤੇ ਸੁਸਾਇਟੀ ਪ੍ਰਧਾਨ ਜਸਵੰਤ ਸਿੰਘ ਭੱਟੀ ਸਾਬਕਾ ਵਣ ਰੇਂਜ ਅਫਸਰ ਨੇ ਬੱਚਿਆਂ ਨੂੰ ਵਾਤਾਵਰਨ ਨੂੰ ਸਾਫ ਸੁਥਰਾ ਰੱਖਣ ਦੇ ਸੁਨੇਹੇ ਰਾਹੀਂ ਇਸ ਵਾਰ ਦਿਵਾਲੀ ਮੌਕੇ ਪਟਾਕੇ ਨਾ ਚਲਾਉਣ ਦੀ ਗੱਲ ਕਹੀ। ਸੁਸਾਇਟੀ ਮੈਂਬਰ ਕੁਲਦੀਪ



ਕੁਮਾਰ ਨੇ ਵੀ ਹਵਾ ਤੇ ਪਾਣੀ ਦੀ ਸ਼ੁੱਧਤਾ ਬਾਰੇ ਆਪਣੇ ਵਿਚਾਰ ਪੇਸ਼ ਕੀਤੇ ਤੇ ਬੱਚਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਾਬਕਾ ਜਿਲਾ ਸਿੱਖਿਆ ਅਫਸਰ ਦਿਲਬਾਗ ਸਿੰਘ ਨੇ ਸਵੇਰ ਦੀ ਸਭਾ ਵਿੱਚ ਬੱਚਿਆਂ ਨੂੰ ਓਜ਼ੋਨ ਪਰਤ ਦੇ ਹੋ ਰਹੇ ਨੁਕਸਾਨ ਬਾਰੇ ਜਾਣੂ ਕਰਵਾਇਆ ਤੇ ਕਿਹਾ ਕਿ ਓਜ਼ੋਨ ਦੀ ਪਰਤ ਕਮਜ਼ੋਰ ਹੋਣ ਕਾਰਨ ਕਿਸ ਤਰ੍ਹਾਂ ਦੇ ਧਰਤੀ ਦੀ ਤਪਸ਼ ਵੱਧ ਰਹੀ ਹੈ। ਦਿਲਬਾਗ ਸਿੰਘ ਨੇ ਦੱਸਿਆ ਕਿ ਕਿਵੇਂ ਰੁੱਖਾਂ ਦੀ ਘਾਟ ਅਤੇ ਵਧ ਰਹੇ ਉਨ੍ਹਾਂ ਵਿਗਿਆਨਿਕ ਵਿਧੀ ਰਾਹੀਂ ਬੱਚਿਆਂ ਨੂੰ ਵਿਸਥਾਰ ਪੂਰਵਕ ਵਾਤਾਵਰਨ ਨੂੰ ਬਚਾਉਣ ਅਤੇ ਗਰੀਨ ਦਿਵਾਲੀ ਮਨਾਉਣ ਦਾ ਸੁਨੇਹਾ ਦਿੱਤਾ। ਸੁਸਾਇਟੀ ਮੈਂਬਰਾਂ ਵਲੋਂ ਸਕੂਲ ਪ੍ਰਿੰਸੀਪਲ ਸਟਾਫ ਅਤੇ ਬੱਚਿਆਂ ਨਾਲ ਮਿਲ ਕੇ ਵੱਖ ਵੱਖ ਤਰ੍ਹਾਂ ਦੇ ਪੌਦੇ ਲਗਾਏ।

ਇਸ ਮੌਕੇ ਤੇ ਸੰਸਥਾ ਦੇ ਮੁਖੀ ਡਾਕਟਰ ਸਿੰਦਰਪਾਲ ਅਗਨੀਹੋਤਰੀ ਸਟੇਟ ਐਵਾਰਡੀ ਨੇ ਵਾਤਾਵਰਣ ਸੰਭਾਲ ਸੁਸਾਇਟੀ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਉਹਨਾਂ ਵੱਲੋਂ ਦਿੱਤਾ ਸੁਨੇਹਾ ਬੱਚਿਆਂ ਨੂੰ ਜਿੰਦਗੀ ਵਿੱਚ ਅਪਣਾਉਣ ਦੀ ਗੱਲ ਕਹੀ।ਇਸ ਮੌਕੇ ਤੇ ਸੁਸਾਇਟੀ ਮੈਂਬਰਾਂ ਵਿਚੋਂ ਸੁਭਾਸ਼ ਚੰਦਰ ਧੰਮ, ਅਰੁਣ ਬਾਲੀ,ਧਰਮ ਪਾਲ ਬਾਲੀ ਆਦਿ ਤੋਂ ਇਲਾਵਾ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਰਹੇ।

ਨੈਸ਼ਨਲ ਲੋਕ ਅਦਾਲਤ 12 ਦਸੰਬਰ ਨੂੰ, ਲੋਕਾਂ ਨੂੰ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ

ਸੰਗਰੂਰ, 2 ਨਵੰਬਰ (ਪੈ.ਗਾਮ-ਏ-ਜਗਤ)

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਦੀਪਕ ਸਿੱਬਲ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਤੇ ਸੈਸ਼ਨ ਜੱਜ ਮੁਨੀਸ਼ ਸਿੰਗਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 12 ਦਸੰਬਰ 2026 ਨੂੰ ਜ਼ਿਲ੍ਹਾ ਕੋਰਟ ਕੰਪਲੈਕਸ ਸੰਗਰੂਰ ਅਤੇ ਉਪ ਮੰਡਲ ਕੋਰਟ ਕੰਪਲੈਕਸ ਧੂਰੀ, ਸੁਨਾਮ ਤੇ ਮੂਨਕ ਵਿਖੇ ਨੈਸ਼ਨਲ ਲੋਕ ਅਦਾਲਤ ਲਗਾਈ ਜਾਵੇਗੀ। ਇਸ ਦਾ ਆਯੋਜਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਕੱਤਰ ਅਸ਼ੀਸ ਠਠੇਈ ਦੀ ਅਗਵਾਈ ਹੇਠ ਕੀਤਾ ਜਾ ਰਿਹਾ ਹੈ।

ਇਹ ਜਾਣਕਾਰੀ ਦਿੰਦਿਆਂ ਸਿਵਲ ਜੱਜ (ਸੀਨੀਅਰ ਡਿਵੀਜ਼ਨ) ਅਸ਼ੀਸ ਠਠੇਈ ਨੇ ਦੱਸਿਆ ਕਿ ਲੋਕ ਅਦਾਲਤ ਵਿੱਚ ਅਦਾਲਤਾਂ ਵਿੱਚ ਲੰਬਿਤ ਕੇਸਾਂ ਦੇ ਨਾਲ-ਨਾਲ ਅਦਾਲਤ ਵਿੱਚ ਦਾਇਰ ਹੋਣ ਤੋਂ ਪਹਿਲਾਂ ਵਾਲੇ ਮਾਮਲਿਆਂ ਦਾ ਵੀ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾਵੇਗਾ। ਇਨ੍ਹਾਂ ਵਿੱਚ ਚੈੱਕ ਬਾਊਂਸ, ਬੈਂਕ ਰਿਕਵਰੀ, ਮੋਟਰ ਦੁਰਘਟਨਾ ਮੁਆਵਜ਼ਾ, ਵਿਆਹ ਸਬੰਧੀ ਝਗੜੇ (ਤਲਾਕ ਨੂੰ ਛੱਡ ਕੇ), ਮਜ਼ਦੂਰੀ ਅਤੇ ਕਿਰਤ ਵਿਵਾਦ, ਬਿਜਲੀ ਤੇ ਪਾਣੀ ਦੇ ਬਿੱਲ, ਮਾਲੀਆ ਅਤੇ ਜ਼ਮੀਨੀ ਝਗੜੇ, ਦੀਵਾਨੀ ਕੇਸ, ਸਮਝੌਤੇ ਯੋਗ ਫੌਜਦਾਰੀ ਮਾਮਲੇ ਅਤੇ ਟ੍ਰੈਫਿਕ ਚਲਾਨ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਵਿੱਚ ਕੇਸ ਦਾ ਨਿਪਟਾਰਾ ਉਸੇ ਦਿਨ ਹੋ ਜਾਂਦਾ ਹੈ ਅਤੇ ਸਮੇਂ ਤੇ ਪੈਸੇ ਦੀ ਬੱਚਤ ਹੁੰਦੀ ਹੈ। ਇੱਥੇ ਕੋਈ ਕੋਰਟ ਫੀਸ ਨਹੀਂ ਲੱਗਦੀ ਅਤੇ ਪਹਿਲਾਂ ਜਮ?ਹਾਂ ਕਰਵਾਈ ਕੋਰਟ ਫੀਸ ਕਾਨੂੰਨ ਅਨੁਸਾਰ ਵਾਪਸ ਮਿਲ ਜਾਂਦੀ ਹੈ। ਲੋਕ ਅਦਾਲਤ ਦਾ ਫੈਸਲਾ ਅੰਤਿਮ ਹੁੰਦਾ ਹੈ ਅਤੇ ਇਸ ਵਿਰੁੱਧ ਅਪੀਲ ਨਹੀਂ ਕੀਤੀ ਜਾ ਸਕਦੀ। ਆਪਸੀ ਸਹਿਮਤੀ ਨਾਲ ਹੋਣ ਵਾਲੇ ਨਿਪਟਾਰੇ ਨਾਲ ਧਿਰਾਂ ਵਿਚਕਾਰ ਸਦਭਾਵਨਾ ਵੀ ਬਣੀ ਰਹਿੰਦੀ ਹੈ। ਅਸ਼ੀਸ ਠਠੇਈ ਨੇ ਲੋਕਾਂ, ਵਕੀਲਾਂ, ਬੈਂਕਾਂ, ਬੀਮਾ ਕੰਪਨੀਆਂ ਅਤੇ ਵਿਭਾਗਾਂ ਨੂੰ ਇਸ ਮੌਕੇ ਦਾ ਲਾਭ ਲੈਣ ਦੀ ਅਪੀਲ ਕੀਤੀ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫ਼ਤਰ, ਸਮਝੌਤਾ ਸਦਨ, ਨੇੜੇ ਨਿਆਇਕ ਕੋਰਟ ਕੰਪਲੈਕਸ, ਸੰਗਰੂਰ ਜਾਂ ਟੋਲ ਫਰੀ ਨੰਬਰ 15100 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ 21 ਨਵੰਬਰ 2026 ਨੂੰ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਦੀ ਧਾਰਾ 138 ਤਹਿਤ ਚੈੱਕ ਬਾਊਂਸ ਦੇ ਮਾਮਲਿਆਂ ਲਈ ਵਿਸ਼ੇਸ਼ ਲੋਕ ਅਦਾਲਤ ਵੀ ਲਗਾਈ ਜਾਵੇਗੀ। ਇਸ ਵਿੱਚ ਲੰਬਿਤ ਅਤੇ ਅਦਾਲਤ ਵਿੱਚ ਦਾਇਰ ਹੋਣ ਤੋਂ ਪਹਿਲਾਂ ਵਾਲੇ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਹੋਵੇਗਾ। ਇਸ ਲਈ ਪਹਿਲਾਂ ਪ੍ਰੀ-ਲੋਕ ਅਦਾਲਤ ਬੈਠਕਾਂ ਵੀ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਸਬੰਧਤ ਧਿਰਾਂ, ਵਿੱਤੀ ਸੰਸਥਾਵਾਂ, ਵਪਾਰੀਆਂ ਅਤੇ ਵਕੀਲਾਂ ਨੂੰ ਇਸ ਮੌਕੇ ਦਾ ਲਾਭ ਉਠਾਉਣ ਦੀ ਅਪੀਲ ਕੀਤੀ।

ਪਿੱਪਲੀਵਾਲ ਵਿੱਚ ਕਰਵਾਏ ਗਏ ਸੂਬਾ ਪੱਧਰੀ ਵਾਲੀਬਾਲ ਕੱਪ ਵਿੱਚ ਹਰਿਆਣਾ ਦੀ ਟੀਮ ਨੇ ਚੰਡੀਗੜ੍ਹ ਨੂੰ ਹਰਾ ਕੇ ਜਿੱਤਿਆ ਖਿਤਾਬ

ਪੈ.ਗਾਮ-ਏ-ਜਗਤ ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਰੰਗੜ)

- **ਲੜਕੀਆਂ ਦੇ ਮੁਕਾਬਲੇ ਵਿੱਚ ਹਿਮਾਚਲ ਦੇ ਗੋਂਦਪੁਰ ਬੁੱਲਾ ਦੀ ਟੀਮ ਜੇਤੂ, ਅੰਡਰ-21 ਵਰਗ ਵਿੱਚ ਬੀਨੇਵਾਲ ਨੇ ਮਾਰੀ ਬਾਜ਼ੀ; 50 ਤੋਂ ਵੱਧ ਟੀਮਾਂ ਨੇ ਲਿਆ ਹਿੱਸਾ**

ਪਿੰਡ ਪਿੱਪਲੀਵਾਲ ਵਿਖੇ ਮਾਂ ਜਵਾਲਾ ਜੀ ਜਾਗਰਣ ਕਮੇਟੀ, ਰਾਧਾ ਕ੍ਰਿਸ਼ਨ ਮੰਡਲ ਅਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਗਏ ਸੂਬਾ ਪੱਧਰੀ ਵਾਲੀਬਾਲ ਕੱਪ ਵਿੱਚ ਵੱਖ-ਵੱਖ ਸੂਬਿਆਂ ਤੋਂ ਪਹੁੰਚੀਆਂ 50 ਤੋਂ ਵੱਧ ਟੀਮਾਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਟੂਰਨਾਮੈਂਟ ਦੌਰਾਨ ਖਿਡਾਰੀਆਂ ਵਿਚਕਾਰ ਬੇਹੱਦ ਰੋਮਾਂਚਕ ਮੁਕਾਬਲੇ ਦੇਖਣ ਨੂੰ ਮਿਲੇ।



ਲੜਕੀਆਂ ਦੇ ਵਾਲੀਬਾਲ ਮੁਕਾਬਲੇ ਵਿੱਚ ਹਿਮਾਚਲ ਪ੍ਰਦੇਸ਼ ਦੇ ਗੋਂਦਪੁਰ ਬੁੱਲਾ ਦੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਬੀਨੇਵਾਲ ਦੀ ਟੀਮ ਨੂੰ ਹਰਾ ਕੇ ਜਿੱਤ ਦਰਜ ਕੀਤੀ। ਅੰਡਰ-21 ਵਰਗ ਦੇ ਫਾਈਨਲ ਮੁਕਾਬਲੇ ਵਿੱਚ ਬੀਨੇਵਾਲ ਦੀ ਟੀਮ ਨੇ ਰਾਜੂ ਮਾਜਰਾ (ਬਲਾਚੌਰ) ਦੀ ਟੀਮ ਨੂੰ ਹਰਾ ਕੇ ਖਿਤਾਬ ਆਪਣੇ ਨਾਂ ਕੀਤਾ। ਇਸੇ ਤਰ੍ਹਾਂ ਓਪਨ ਵਰਗ ਦੇ ਫਾਈਨਲ ਮੁਕਾਬਲੇ ਵਿੱਚ ਹਰਿਆਣਾ ਦੇ ਸਤਨਾਮ ਕਲੱਬ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚੰਡੀਗੜ੍ਹ ਕਲੱਬ ਨੂੰ 3-1 ਨਾਲ ਹਰਾ ਕੇ ਵਾਲੀਬਾਲ ਕੱਪ 'ਤੇ ਕਬਜ਼ਾ ਕੀਤਾ।

ਟੂਰਨਾਮੈਂਟ ਦੇ ਵੱਖ-ਵੱਖ ਵਰਗਾਂ ਦੇ ਮੁਕਾਬਲੇ ਸਵੇਰੇ 9 ਵਜੇ ਸ਼ੁਰੂ ਹੋਏ, ਜੋ ਦੇਰ ਰਾਤ 1 ਵਜੇ ਤੱਕ ਜਾਰੀ ਰਹੇ। ਇਸ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੇ ਵਾਲੀਬਾਲ ਪ੍ਰੇਮੀਆਂ ਨੇ ਖਿਡਾਰੀਆਂ ਦਾ ਹੌਸਲਾ ਵਧਾਇਆ ਅਤੇ ਸ਼ਾਨਦਾਰ ਖੇਡ ਪ੍ਰਦਰਸ਼ਨ 'ਤੇ ਖੂਬ ਤਾੜੀਆਂ ਮਾਰੀਆਂ। ਪੂਰੇ ਦਿਨ ਪਿੰਡ ਵਿੱਚ ਖੇਡ ਮੇਲੇ ਵਰਗਾ ਮਾਹੌਲ ਬਣਿਆ ਰਿਹਾ।

ਪੈਂਨਸ਼ਨਰਜ ਐਸੋਸੀਏਸ਼ਨ ਪਾਵਰਕਾਮ ਤੇ ਟ੍ਰਾਸਕੋ ਡਵੀਜ਼ਨ ਨਵਾਂਸ਼ਹਿਰ ਦੀ ਮਹੀਨਾਵਾਰ ਮੀਟਿੰਗ ਹੋਈ

ਪੈ.ਗਾਮ-ਏ-ਜਗਤ ਨਵਾਂਸ਼ਹਿਰ (ਦੇਸ ਰਾਜ ਬਾਲੀ)

ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਟ੍ਰਾਸਕੋ ਡਵੀਜ਼ਨ ਨਵਾਂਸ਼ਹਿਰ ਦੀ ਮੀਟਿੰਗ ਹੋਈ ਜੋਕਿ ਮੰਡਲ ਪ੍ਰਧਾਨ ਨਰਿੰਦਰ ਕੁਮਾਰ ਮਹਿਤਾ ਦੀ ਅਗਵਾਈ ਹੇਠ ਡਵੀਜਨ ਅਹਾਤੇ ਵਿਚ ਕੀਤੀ ਗਈ। ਮੀਟਿੰਗ ਵਿਚ ਪੈਨਸ਼ਨਰਜ ਤੇ ਫੈਮਿਲੀ ਪੈਨਸ਼ਨਰਜ ਦੇ ਪੈਂਡਿੰਗ ਕੰਮਾਂ ਮੱਸਲਿਆਂ ਨੂੰ ਹੱਲ ਕਰਵਾਉਣ ਸਬੰਧੀ ਵਿਚਾਰ ਚਰਚਾ ਕੀਤੀ ਗਈ।

ਇਸ ਉਪਰੰਤ,ਮੁਲਾਜ਼ਮ ਤੇ ਪੈਨਸ਼ਨਰਜ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ,ਦੀ ਸਾਂਝੀ ਤਾਲਮੇਲ ਕਮੇਟੀ ਪੰਜਾਬ ਵਲੋਂ ਮੁਲਾਜ਼ਮ